



ਹੱਕ ਸੱਚ ਦੀ ਆਵਾਜ਼

# ਫਤਿਹ ਟਾਈਮਜ਼

ਰੋਜ਼ਾਨਾ ਡਿਜੀਟਲ ਐਡੀਸ਼ਨ

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫਤਿਹ ।।





ਮੁੱਖ ਸੰਪਾਦਕ
ਸਰਬਜੋਤ ਸਿੰਘ ਖਾਲਸਾ

ਮੁੱਖ ਸੰਪਾਦਕ ਸਰਬਜੋਤ ਸਿੰਘ ਖਾਲਸਾ | www.fatehtimesmedia.com | Email- fatehtimes1699@gmail.com

ਰਜਿ ਨੰ : ਪੀ ਬੀ 22000167 | ਫਤਿਹਾਬਾਦ , ਸ਼ੁੱਕਰਵਾਰ 18 ਅਪ੍ਰੈਲ 2025, ਨਾਨਕਸ਼ਾਹੀ 6 ਵੈਸਾਖ , ਸੰਮਤ 557 | ਸਾਲ: 4, ਅੰਕ 69, ਪੰਨੇ: 4, ਮੁੱਲ: 4 ਰੁਪਏ


## ਨੌਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਇਆ ਨਗਰ ਕੀਰਤਨ

**ਭਲਕੇ 18 ਅਪ੍ਰੈਲ ਨੂੰ ਗੁਰਦੁਆਰਾ ਗੁਰੂ ਕੇ ਮਹਿਲ ਤੋਂ ਹੋਵੇਗੀ ਨੌਵੇਂ ਪਾਤਸ਼ਾਹ ਜੀ ਦੇ 350 ਸਾਲਾ ਸ਼ਤਾਬਦੀ ਸਮਾਗਮਾਂ ਦੀ ਸ਼ੁਰੂਆਤ**



ਅੰਮ੍ਰਿਤਸਰ, 17 ਅਪ੍ਰੈਲ (ਫ.ਟ.ਬ) ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਪ੍ਰਕਾਸ਼ ਪੁਰਬ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਗੁਰੂ ਸਾਹਿਬ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਗੁਰੂ ਕੇ ਮਹਿਲ ਤੱਕ ਨਗਰ ਕੀਰਤਨ ਸਜਾਇਆ ਗਿਆ, ਜਿਸ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਅਤੇ ਸਭਾ-ਸੁਸਾਇਟੀਆਂ ਦੇ ਨੁਮਾਇੰਦਿਆਂ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ਼ਮੂਲੀਅਤ ਕਰਕੇ ਗੁਰੂ ਸਾਹਿਬ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਨਗਰ ਕੀਰਤਨ ਦੌਰਾਨ ਗਤਕਾ ਪਾਰਟੀਆਂ ਨੇ ਸਿੱਖ ਜੰਗਜੂ ਕਲਾ ਦਾ ਪ੍ਰਗਟਾਵਾ ਕੀਤਾ ਅਤੇ ਬੈਂਡ ਪਾਰਟੀਆਂ ਨੇ ਮਨੋਹਰ ਧੁਨਾਂ ਨਾਲ ਨਗਰ ਕੀਰਤਨ ਦੀ ਸ਼ੋਭਾ ਵਧਾਈ।

ਸ੍ਰੀ ਅਕਾਲ ਤਖ਼ਤ ਤੋਂ ਆਰੰਭ ਹੋਇਆ ਨਗਰ ਕੀਰਤਨ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਤੋਂ ਹੁੰਦਾ ਹੋਇਆ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਸੰਪੰਨ ਹੋਇਆ।

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਦੱਸਿਆ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਗੁਰਪੁਰਬ ਸਬੰਧੀ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ 18 ਅਪ੍ਰੈਲ (ਬਾਕੀ ਸਫਾ 2 ਤੇ)

## ਫ਼ਰਾਂਸ ਦੇ ਰਾਜਦੂਤ ਥੈਰੀ ਮਾਥੂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਨਤਮਸਤਕ



ਅੰਮ੍ਰਿਤਸਰ, 17 ਅਪ੍ਰੈਲ (ਫ.ਟ.ਬ) ਫਰਾਂਸ ਦੇ ਰਾਜਦੂਤ ਥੈਰੀ ਮਾਥੂ ਨੇ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਉਪਰੰਤ ਉਨ੍ਹਾਂ ਨੂੰ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਜਸਵਿੰਦਰ ਸਿੰਘ ਜੱਸੀ ਤੇ ਹੋਰਾਂ ਵੱਲੋਂ ਸ੍ਰੀ ਦਰਬਾਰ ਸਾਹਿਬ ਦਾ ਸੁਨਹਿਰੀ ਮਾਡਲ, ਲੋਈ ਅਤੇ ਧਾਰਮਿਕ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ ਗਿਆ। ਸ੍ਰੀ ਦਰਬਾਰ ਸਾਹਿਬ ਦੇ ਦਰਸ਼ਨ ਕਰਨ ਮੌਕੇ ਜਿਥੇ ਉਨ੍ਹਾਂ ਨੇ ਗੁਰਬਾਣੀ ਕੀਰਤਨ ਸੁਣਿਆ, ਉਥੇ ਹੀ ਉਹ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਖੇ ਵੀ ਗਏ। ਇਸ ਮੌਕੇ ਰਾਜਦੂਤ ਥੈਰੀ ਮਾਥੂ ਨੇ ਕਿਹਾ ਕਿ ਉਹ ਇਸ ਪਵਿੱਤਰ ਅਸਥਾਨ ’ਤੇ ਆ ਕੇ ਮਾਣ ਮਹਿਸੂਸ ਕਰਦੇ ਹਨ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਮਿਲੇ ਸਨਮਾਨ ਲਈ ਅਧਿਕਾਰੀਆਂ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਸੂਚਨਾ ਅਧਿਕਾਰੀ ਸ. ਰਣਧੀਰ ਸਿੰਘ, ਸ. ਜਤਿੰਦਰਪਾਲ ਸਿੰਘ, ਸ. ਸਤਨਾਮ ਸਿੰਘ ਆਦਿ ਹਾਜ਼ਰ ਸਨ।

## ਮੰਜਿਲਾਂ ਦੇ ਰਸਤੇ ਪੈਰਾਂ ਹੇਠਾਂ ਹੁੰਦੇ ਨੇ।

### ਸਰਬਜੋਤ ਸਿੰਘ ਖਾਲਸਾ

ਮਨੁੱਖ ਕੁਦਰਤ ਦੀ ਬਣਾਈ ਉਹ ਸ਼ੈਅ ਹੈ ਜੋ ਮਰਿਆਦਾ ਚ ਰਹੇ ਤਾ ਵਿਕਾਸ ਹੁੰਦਾ ਤੇ ਜੇਕਰ ਮਰਿਆਦਾ ਤੋਂ ਬਾਹਰ ਹੋ ਜਾਵੇ ਫਿਰ ਵਿਨਾਸ਼ ਹੀ ਹੁੰਦਾ । ਇਨਸਾਨ ਆਪਣੀ ਜਿੰਦਗੀ ਵਿਚ ਕੁਝ ਨਾ ਕੁਝ ਕਰਨ ਲਈ ਹਮੇਸ਼ਾ ਤਰਲੋ ਮੱਛੀ ਹੁੰਦਾ ਰਹਿੰਦਾ ਹੈ ਪਰ ਜੇਕਰ ਉਸ ਨੇ ਕੋਈ ਟੀਚਾ ਨਹੀ ਮਿੱਥਿਆ ਤਾ ਉਸ ਦੀ ਸਾਰੀ ਘਾਲਣਾ ਵਿਅਰਥ ਚਲੇ ਜਾਂਦੀ ਹੈ ਕਿਉ ਕਿ ਉਸ ਨੇ ਕੋਈ ਟੀਚਾ ਨਹੀ ਮਿੱਥਿਆ ਹੁੰਦਾ । ਮੰਜਿਲਾਂ ਭਾਵੇਂ ਜਿੰਨੀਆਂ ਮਰਜੀ ਉੱਚੀਆਂ ਹੋਣ ਪਰ ਰਸਤੇ ਤਾਂ ਹਮੇਸ਼ਾਂ ਪੈਰਾਂ ਥੱਲੇ ਹੁੰਦੇ ਨੇ। ਇਨਸਾਨ ਮਿਹਨਤ ਕਰਕੇ ਕਿਸੇ ਵੀ ਟੀਚੇ ਨੂੰ ਹਾਸਲ ਕਰ ਸਕਦਾ ਹੈ ਹਾਂ ਉਸ ਇਨਸਾਨ ਵਲੋਂ ਆਪਣੇ ਟੀਚੇ ਦੀ ਪ੍ਰਾਪਤੀ ਤੱਕ ਸਖਤ ਮਿਹਨਤ ਕਰਦੇ ਰਹਿਣ ਦੀ ਲੋੜ ਹੁੰਦੀ ਹੈ । ਇਸ ਲਈ ਜਿੰਦਗੀ ਨੂੰ ਇਕੱਲਾ ਸਮਾਂ ਲੰਗਾਉਣ ਲਈ ਨਹੀ ਇਕ ਟੀਚਾ ਮਿੱਥ ਕੇ ਜੀਓ ਤਾ ਫਿਰ ਮਿਹਨਤ ਹਮੇਸ਼ਾ ਤੁਹਾਡਾ ਸਾਥੀ ਬਣ ਕੇ ਨਾਲ ਰਹੇਗੀ ।




## ਤਖ਼ਤ ਸਾਹਿਬਾਨ ਦੇ ਸਿੰਘ ਸਾਹਿਬਾਨਾਂ ਦੀ ਬਹਾਲੀ ਸਬੰਧੀ ਸੰਘਰਸ਼ ਦੀ ਅਗਲੀ ਰੂਪ ਰੇਖਾ ਉਲੀਕਣ ਲਈ ਮੀਟਿੰਗ 27 ਅਪ੍ਰੈਲ ਨੂੰ- ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ

**ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਹੋਣ ਵਾਲੀ ਇਕੱਤਰਤਾ ਵਿੱਚ ਲਏ ਜਾਣਗੇ ਅਹਿਮ ਫ਼ੈਸਲੇ ।**



ਮਹਿਤਾ ਚੌਕ -17 ਅਪ੍ਰੈਲ (ਫ.ਟ.ਬ) ਆਪ ਹੁਦਰੇ ਤਰੀਕੇ ਨਾਲ ਹਟਾਏ ਗਏ ਤਖ਼ਤ ਸਾਹਿਬਾਨ ਦੇ ਜਥੇਦਾਰ ਸਿੰਘ ਸਾਹਿਬਾਨਾਂ ਦੀ ਬਹਾਲੀ ਸਬੰਧੀ ਸੰਘਰਸ਼ ਦੀ ਅਗਲੀ ਰੂਪ ਰੇਖਾ ਉਲੀਕਣ ਲਈ ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਸਿੱਖ ਜਥੇਬੰਦੀਆਂ ਦੀ ਮੀਟਿੰਗ 27 ਅਪ੍ਰੈਲ 2025 ਨੂੰ ਬੁਲਾ ਲਈ ਹੈ। ਇਹ ਇਕੱਤਰਤਾ ਦਮਦਮੀ ਟਕਸਾਲ ਦੇ ਹੈੱਡ ਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਹੋਵੇਗੀ। ਇਸ ਸਬੰਧੀ ਦਮਦਮੀ ਟਕਸਾਲ ਨੇ ਕਿਹਾ ਕਿ ਮਾਰਚ ਮਹੀਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਐਗਜ਼ੈਕਟਿਵ ਕਮੇਟੀ ਵੱਲੋਂ ਪੰਥਕ ਸਿਧਾਂਤਾਂ ਨੂੰ ਛਿੱਕੇ ਟੰਗਦੇ ਹੋਏ ਤਿੰਨਾਂ ਤਖ਼ਤ ਸਾਹਿਬਾਨਾਂ ਦੇ ਜਥੇਦਾਰਾਂ ਨੂੰ ਜਿਸ ਤਰ੍ਹਾਂ ਅਪਮਾਨਜਨਕ ਤਰੀਕੇ ਨਾਲ ਅਹੁਦੇ ਤੋਂ ਹਟਾਇਆ ਗਿਆ ਸੀ, ਉਸ ਉਪਰੰਤ ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਵੱਲੋਂ ਸੰਤ ਸਮਾਜ, ਨਿਹੰਗ ਸਿੰਘ ਜਥੇਬੰਦੀਆਂ, ਸਿੱਖ ਸੰਪਰਦਾਵਾਂ ਅਤੇ ਹੋਰ ਪੰਥਕ ਸ਼ਖ਼ਸੀਅਤਾਂ ਦੇ ਸਹਿਯੋਗ ਨਾਲ ਸਿੰਘ ਸਾਹਿਬਾਨਾਂ ਦੀ ਬਹਾਲੀ ਲਈ ਸੰਘਰਸ਼ ਆਰੰਭ ਕੀਤਾ ਗਿਆ ਸੀ। ਜਿਸ ਉਪਰੰਤ 28 ਮਾਰਚ 2025 ਨੂੰ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਸ਼੍ਰੀ ਤੇਜਾ ਸਿੰਘ ਸਮੁੰਦਰੀ ਹਾਲ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਲੱਗੇ ਵਿਸ਼ਾਲ ਰੋਸ ਧਰਨੇ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਤਖ਼ਤ ਸਾਹਿਬਾਨਾਂ ਦੇ ਜਥੇਦਾਰਾਂ ਦੀ ਬਹਾਲੀ ਲਈ 15 ਅਪ੍ਰੈਲ 2025 ਤੱਕ ਦਾ ਸਮਾਂ ਦਿੱਤਾ ਗਿਆ ਸੀ। ਜਿਸ ਦੀ ਮਿਆਦ ਬੀਤਣ ਉਪਰੰਤ ਸੰਤ ਸਮਾਜ ਦੇ ਮਹਾਂਪੁਰਖਾਂ, (ਬਾਕੀ ਸਫਾ 2 ਤੇ)




## ਵਿਧਾਇਕ ਲਾਭ ਸਿੰਘ ਉੱਗੋਕੇ ਦੀ ਕਿਤਾਬ "ਤੂੰ ਇੱਕ ਦੀਵਾ ਬਣ" ਮੁੱਖ ਮੰਤਰੀ ਨੇ ਕੀਤੀ ਰਿਲੀਜ਼



ਤਪਾ ਮੰਡੀ 17 ਅਪ੍ਰੈਲ (ਧੀਮਾਨ) ਹਲਕਾ ਭਦੌੜ ਦੇ ਵਿਧਾਇਕ ਸ. ਲਾਭ ਸਿੰਘ ਉੱਗੋਕੇ ਦਾ ਪਲੇਠਾ ਕਾਵਿ ਸੰਗ੍ਰਿਹ "ਤੂੰ ਇੱਕ ਦੀਵਾ ਬਣ" ਅੱਜ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਰਿਲੀਜ਼ ਕੀਤਾ ਗਿਆ।ਮੁੱਖ ਮੰਤਰੀ ਵੱਲੋਂ ਵਿਧਾਇਕ ਲਾਭ ਸਿੰਘ ਉੱਗੋਕੇ ਦੇ ਇਸ ਸਾਹਿਤਕ ਉਪਰਾਲੇ ਦੀ ਸ਼ਲਾਘਾ ਕਰਦਿਆਂ ਉਹਨਾਂ ਨੂੰ ਵਧਾਈ ਦਿੱਤੀ ਗਈ ਅਤੇ ਬਤੌਰ ਵਿਧਾਇਕ ਆਪਣੇ ਰੁਝੇਵਿਆਂ ਭਰੀ ਜ਼ਿੰਦਗੀ ਵਿੱਚੋਂ ਸਮਾਂ ਕੱਢ ਕੇ ਕਵਿਤਾਵਾਂ ਦੀ ਰਚਨਾ ਕਰਨ ਲਈ ਉਨ੍ਹਾਂ ਦੀ ਹੌਂਸਲਾ ਅਫਜ਼ਾਈ ਵੀ ਕੀਤੀ। ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜ਼ਿੰਦਗੀ ਦੀਆਂ ਤਲਖ਼ ਹਕੀਕਤਾਂ, ਪੰਜਾਬ ਦੇ ਭਖਦੇ ਮੁੱਦਿਆਂ ਅਤੇ ਆਮ ਘਰਾਂ 'ਚੋਂ ਉੱਠ ਕੇ ਸੰਘਰਸ਼ਾਂ ਦੀ ਭੱਠੀ ਵਿੱਚ ਤਪ ਕੇ ਹੀਰਾ ਬਣੇ ਹਰ ਇਨਸਾਨ ਦੀ ਕਹਾਣੀ ਦੀ ਬਾਤ ਪਾਉਂਦਾ ਵਿਧਾਇਕ ਲਾਭ ਸਿੰਘ ਉੱਗੋਕੇ ਦਾ ਕਾਵਿ ਸੰਗ੍ਰਿਹ "ਤੂੰ ਇੱਕ ਦੀਵਾ ਬਣ" ਸਮਾਜ ਲਈ ਇੱਕ ਸੇਧ ਦਾ ਕੰਮ ਕਰੇਗਾ। ਉਨ੍ਹਾਂ ਕਿਹਾ ਕਿ ਅੱਜ ਦੇ ਮੋਬਾਈਲ ਕ੍ਰਾਂਤੀ ਦੇ ਯੁੱਗ ਵਿੱਚ ਜਦੋਂ ਹਰ ਇਨਸਾਨ ਕਿਤਾਬਾਂ ਤੋਂ ਦੂਰ ਹੁੰਦਾ ਜਾ ਰਿਹਾ ਹੈ, ਤਾਂ ਅਜਿਹੇ ਮੌਕੇ 24 ਘੰਟੇ ਆਮ ਜਨਤਾ ਦੇ ਕੰਮਾਂ ਕਾਰਾਂ ਅਤੇ ਨਿੱਜੀ ਜ਼ਿੰਦਗੀ ਵਿੱਚ ਮਸਰੂਫ ਰਹਿਣ ਦੇ ਬਾਵਜੂਦ ਵਿਧਾਇਕ ਵੱਲੋਂ ਸਾਹਿਤਕ ਰਚਨਾ ਕਰਨੀ ਸਮਾਜ ਲਈ ਇੱਕ ਚੰਗੇ ਸੁਨੇਹੇ ਦਾ ਕੰਮ ਕਰੇਗੀ।ਵਿਧਾਇਕ ਲਾਭ ਸਿੰਘ ਉੱਗੋਕੇ ਨੇ ਕੀਮਤੀ ਸਮੇਂ ਵਿੱਚੋਂ ਸਮਾਂ ਕੱਢ ਕੇ ਕਿਤਾਬ ਰਿਲੀਜ਼ ਕਰਨ ਲਈ ਮੁੱਖ ਮੰਤਰੀ ਭਗਵੰਤ ਮਾਨ ਦਾ ਵਿਸ਼ੇਸ਼ ਧੰਨਵਾਦ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰਾਜਬੀਰ ਸਿੰਘ, ਸੁਖਵੀਰ ਸਿੰਘ (ਓਐਸਡੀ ਮੁੱਖ ਮੰਤਰੀ),ਐਡਵੋਕੇਟ ਗੁਰਪ੍ਰੀਤ ਸਿੰਘ ਢਿੱਲਵਾਂ, ਹਰਦੀਪ ਸਿੰਘ ਧੂਰਕੋਟ, ਗੁਰਤੇਜ ਸਿੰਘ, ਸੰਦੀਪ ਸਿੰਘ ਸਰਾਂ ਤੇ ਬੂਟਾ ਸਿੰਘ ਆਦਿ ਹਾਜ਼ਰ ਸਨ।

ਸਫਾ 1 ਦੀ ਬਾਕੀ

# ਨੌਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਸ੍ਰੀ ਅਕਾਲ..

ਫਤਿਹ ਟਾਈਮਜ਼ ਨੂੰ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ। ਇਸ ਸਬੰਧ ਵਿਚ ਬੀਤੇ ਕੱਲ੍ਹ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਹਨ, ਜਿਸ ਦੇ ਭੋਗ 18 ਅਪ੍ਰੈਲ 2025 ਨੂੰ ਪਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਦੇ ਨਾਲ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਵੰਬਰ 2025 ਵਿਚ ਮਨਾਈ ਜਾ ਰਹੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਤਾਗੱਦੀ ਦਿਵਸ ਦੇ ਸਮਾਗਮਾਂ ਦੀ ਆਰੰਭਤਾ ਵੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਨ੍ਹਾਂ ਸਮਾਗਮਾਂ ਵਿਚ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਿੰਘ ਸਾਹਿਬਾਨ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਸ਼ਮੂਲੀਅਤ ਕਰਨਗੀਆਂ। ਉਨ੍ਹਾਂ ਕਿਹਾ ਕਿ ਨੌਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਸੁੰਦਰ ਜਲੌ ਵੀ ਸਜਾਏ ਜਾਣਗੇ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਮਲਕੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਪ੍ਰੋ. ਸੁਖਦੇਵ ਸਿੰਘ, ਸ. ਜਸਵਿੰਦਰ ਸਿੰਘ ਜੱਸੀ, ਸ. ਹਰਭਜਨ ਸਿੰਘ ਵਕਤਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ ਤੇ ਸ. ਮਲਕੀਤ ਸਿੰਘ ਬਹਿੜਵਾਲ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ, ਸ. ਜਸਪਾਲ ਸਿੰਘ ਢੱਡੇ, ਸ. ਯੁਵਰਾਜ ਸਿੰਘ ਸਮੇਤ ਸੰਗਤਾਂ ਮੌਜੂਦ ਸਨ।

ਸਫਾ 1 ਦੀ ਬਾਕੀ

# ਤਖ਼ਤ ਸਾਹਿਬਾਨ ਦੇ ਸਿੰਘ ਸਾਹਿਬਾਨਾਂ ਦੀ ਬਹਾਲੀ.......

ਫਤਿਹ ਟਾਈਮਜ਼ ਬੀਤਣ ਉਪਰੰਤ ਸੰਤ ਸਮਾਜ ਦੇ ਮਹਾਂਪੁਰਖਾਂ,ਨਿਹੰਗ ਸਿੰਘ ਜਥੇਬੰਦੀਆਂ ,ਚੀਫ਼ ਖ਼ਾਲਸਾ ਦੀਵਾਨ, ਸਿੱਖ ਸੰਪਰਦਾਵਾਂ ,ਉੱਘੀਆਂ ਪੰਥਕ ਸ਼ਖ਼ਸੀਅਤਾਂ, ਸਿੱਖ ਸਟੂਡੈਂਟ ਫੈਡਰੇਸ਼ਨ ਅਤੇ ਹੋਰ ਵੱਖ-ਵੱਖ ਸੰਸਥਾਵਾਂ ਦੇ ਮੁਖੀ ਸਾਹਿਬਾਨ ਅਤੇ ਉਨ੍ਹਾਂ ਦੇ ਨੁਮਾਇੰਦਿਆਂ ਦੀ ਇੱਕ ਜ਼ਰੂਰੀ ਮੀਟਿੰਗ 27 ਅਪਰੈਲ ਦਿਨ ਐਤਵਾਰ ਨੂੰ ਦਮਦਮੀ ਟਕਸਾਲ ਦੇ ਹੈੱਡ ਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਸਵੇਰੇ 11 ਵਜੇ ਬੁਲਾਈ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਕਿਹਾ ਕਿ 27 ਅਪ੍ਰੈਲ ਨੂੰ ਇਕੱਤਰ ਸਮੂਹ ਸ਼ਖ਼ਸੀਅਤਾਂ ਦੇ ਨਾਲ ਵਿਚਾਰ ਵਟਾਂਦਰੇ ਉਪਰੰਤ ਸਭ ਦੇ ਸਹਿਯੋਗ ਨਾਲ ਹੀ ਕੋਈ ਅਗਲਾ ਫ਼ੈਸਲਾ ਲਿਆ ਜਾਵੇਗਾ ਲ ਓਨਾ ਸਮੂਹ ਪੰਥ ਦਰਦੀਆਂ ਨੂੰ ਮੀਟਿੰਗ ਵਿੱਚ ਸਮੇਂ ਸਿਰ ਪਹੁੰਚਣ ਦੀ ਅਪੀਲ ਕੀਤੀ।

# ਸ੍ਰੀ ਹਜ਼ੂਰ ਸਾਹਿਬ ਨਾਂਦੇੜ ਨੂੰ ਚੱਲਣ ਵਾਲੀਆ ਰੇਲ ਗੱਡੀਆਂ ਨੂੰ ਲੱਗਣਗੇ ਨਵੇਂ ਕੋਚ



ਫਤਿਹ ਟਾਈਮਜ਼ ਅੰਮ੍ਰਿਤਸਰ, 17 ਅਪ੍ਰੈਲ (ਪ ਪ) ਸ੍ਰ.ਡੀ ਪੀ ਸਿੰਘ ਸਾਬਕਾ ਸੀਈਓ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਸਾਬਕਾ ਡੀਜੀਐਮ ਪੰਜਾਬ ਐਂਡ ਸਿੰਧ ਬੈਂਕ, ਸਾਬਕਾ ਸੀਈਓ ਐਚਐਸਜੀਐਮਸੀ, ਸਾਬਕਾ ਡੀਆਰਯੂਸੀਸੀ ਮੈਂਬਰ ਸ੍ਰੀ ਹਜ਼ੂਰ ਸਾਹਿਬ ਨਾਂਦੇੜ, ਸਲਾਹਕਾਰ ਜੀਪੀਐਸਐਸ, ਸੀਨੀਅਰ ਮੀਤ ਪ੍ਰਧਾਨ ਦ ਸਿੱਖ ਹੋਪ ਚੈਰੀਟੇਬਲ ਟਰੱਸਟ ਚੰਡੀਗੜ੍ਹ ਅਤੇ ਬ੍ਰਾਂਚ ਇੰਚਾਰਜ ਤੇਰਾ ਹੀ ਤੇਰਾ ਮੈਡੀਕੋਜ਼ ਚੰਡੀਗੜ੍ਹ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਦੱਸਿਆ ਕਿ ਇਹ ਬਹੁਤ ਖੁਸ਼ੀ ਵਾਲੀ ਗੱਲ ਹੈ ਕਿ ਰੇਲਵੇ ਬੋਰਡ ਨੇ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਤੋਂ ਪੰਜਾਬ ਰੂਟਾਂ 'ਤੇ ਚੱਲਣ ਵਾਲੀਆਂ ਰੇਲਗੱਡੀਆਂ ਦੇ ਪੁਰਾਣੇ ਡੱਬਿਆਂ ਨੂੰ ਸ਼ਰਧਾਲੂਆਂ/ਯਾਤਰੀਆਂ ਦੀ ਸਹੂਲਤ ਲਈ ਨਵੇਂ ਆਰਾਮਦਾਇਕ ਡੱਬਿਆਂ ਨਾਲ ਬਦਲਣ ਦੀ ਬੇਨਤੀ 'ਤੇ ਵਿਚਾਰ ਕੀਤਾ ਹੈ ਅਤੇ ਇਹ ਨਵੇਂ ਕੋਚ ਇੱਕ ਮਹੀਨੇ ਦੇ ਅੰਦਰ ਅੰਦਰ ਬਦਲ ਦਿੱਤੇ ਜਾਣਗੇ ਇਸ ਮੌਕੇ ਸ੍ਰ ਡੀ ਪੀ ਸਿੰਘ ਨੇ ਰੇਲਵੇ ਬੋਰਡ ਦਾ ਇਸ ਨੇਕ ਕੰਮ ਲਈ ਦਿਲੋਂ ਧੰਨਵਾਦ ਕੀਤਾ।






# ਫੋਰਮ ਆਫ ਰਿਟਾਇਰਡ ਡਿਪਲੋਮਾ ਇੰਜੀਨੀਅਰਜ਼ (ਇੰਡੀਆ) ਦੀ ਰਾਸ਼ਟਰੀ ਕਾਰਜਕਾਰਣੀ ਕਮੇਟੀ ਦੀ ਮੀਟਿੰਗ ਵਿੱਚ ਪੰਜਾਬ ਵਲੋਂ ਇੰਜ ਦਲਜੀਤ ਸਿੰਘ ਕੋਹਲੀ ਤੇ ਇੰਜ ਵੀ ਕੇ ਕਪੂਰ ਹੋਏ ਸ਼ਾਮਲ- ਇੰਜ ਦਲਜੀਤ ਸਿੰਘ ਕੋਹਲੀ

ਫਤਿਹ ਟਾਈਮਜ਼

ਅੰਮ੍ਰਿਤਸਰ, 17 ਅਪ੍ਰੈਲ (ਪ ਪ) ਫੋਰਮ ਆਫ ਰਿਟਾਇਰਡ ਡਿਪਲੋਮਾ ਇੰਜੀਨੀਅਰਜ਼ (ਇੰਡੀਆ) ਦੇ ਸੱਦੇ ਤੇ ਫੋਰਮ ਆਫ ਰਿਟਾਇਰਡ ਡਿਪਲੋਮਾ ਇੰਜੀਨੀਅਰਜ਼ (ਪੰਜਾਬ) ਦੀ ਨੁਮਾਇੰਦਗੀ ਕਰਨ ਲਈ ਫੋਰਡੇ-ਪੰਜਾਬ ਦੇ ਸੂਬਾ ਪ੍ਰਧਾਨ ਇੰਜੀ. ਦਲਜੀਤ ਸਿੰਘ ਕੋਹਲੀ ਅਤੇ ਜਨਰਲ ਸਕੱਤਰ ਇੰਜੀ. ਵੀ ਕੇ ਕਪੂਰ ਨੇ ਫੋਰਡੇ - ਇੰਡੀਆ ਵੱਲੋਂ ਦੱਤ ਭਵਨ ਦਿੱਲੀ ਵਿਖੇ ਆਪਣੇ ਰਾਸ਼ਟਰੀ ਦਫਤਰ ਵਿੱਚ ਕੀਤੀ ਗਈ ਰਾਸ਼ਟਰੀ ਕਾਰਜਕਾਰਣੀ ਕਮੇਟੀ ਦੀ ਵਿਸ਼ੇਸ਼ ਮੀਟਿੰਗ ਵਿੱਚ ਹਿੱਸਾ ਲਿਆ, ਜਿੱਥੇ ਉਨ੍ਹਾਂ ਦੇ ਗਲੇ ਵਿੱਚ ਸੱਜਰੇ ਫੁੱਲਾਂ ਦੇ ਹਾਰ ਪਾ ਕੇ ਉਨ੍ਹਾਂ ਦਾ ਸਨਮਾਨ ਕੀਤਾ ਗਿਆ। ਇਸ ਮੀਟਿੰਗ ਦੀ ਕਾਰਵਾਈ ਰਾਸ਼ਟਰੀ ਸਕੱਤਰ ਜਨਰਲ ਇੰਜੀ. ਆਰ ਸੀ ਸ੍ਰੀਵਾਸਤਵਾ ਵਲੋਂ ਫੋਰਡੇ-ਇੰਡਿਆ ਦੇ ਵਰਕਿੰਗ ਗਰੁੱਪ ਪ੍ਰਧਾਨ ਇੰਜੀ. ਆਰ ਕੇ ਸਿੰਘ ਦੀ ਪ੍ਰਧਾਨਗੀ ਹੇਠ ਕੀਤੀ ਗਈ। ਰਾਸ਼ਟਰੀ ਕਾਰਜਕਾਰਣੀ ਕਮੇਟੀ ਦੇ



ਅਹੁਦੇਦਾਰਾਂ ਵਜੋਂ ਮੁੱਖ ਸਲਾਹਕਾਰ ਇੰਜੀ. ਡੀ ਸੀ ਭਾਰਦਵਾਜ, ਸੀਨੀਅਰ ਮੀਤ ਪ੍ਰਧਾਨ ਇੰਜੀ. ਰਾਜਿੰਦਰ ਸਿੰਘ ਭਦੌੜੀਆ ਤੋਂ ਇਲਾਵਾ ਭਾਰਤ ਦੇ ਸਾਰੇ ਪ੍ਰਦੇਸ਼ਾਂ ਦੀਆ ਫੋਰਮ ਆਫ ਰਿਟਾਇਰਡ ਡਿਪਲੋਮਾ ਇੰਜੀਨੀਅਰਜ਼ ਦੇ ਸੂਬਾ ਪ੍ਰਧਾਨ, ਜਨਰਲ ਸਕੱਤਰ ਅਤੇ ਕਈ ਹੋਰ ਪਤਵੰਤੇ ਨੁਮਾਇੰਦਿਆਂ ਨੇ ਇਸ ਰਾਸ਼ਟਰੀ ਕਾਰਜਕਾਰਣੀ ਕਮੇਟੀ ਦੀ ਮੀਟਿੰਗ ਵਿੱਚ ਹਿੱਸਾ ਲਿਆ ਅਤੇ ਤੈਅ ਏਜੰਡੇ ਮੁਤਾਬਿਕ ਮੁੱਦਿਆਂ ਉੱਤੇ ਵਿਚਾਰ ਚਰਚਾ ਕੀਤੀ ਅਤੇ ਭਾਰਤ ਦੇਸ਼ ਦੇ ਸਮੂਹ ਪ੍ਰਦੇਸ਼ਾਂ ਦੇ ਡਿਪਲੋਮਾ ਇੰਜੀਨੀਅਰ ਪੈਨਸ਼ਨਰ ਸਾਥੀਆਂ ਦੇ ਵੈਲਫੇਅਰ ਲਈ ਉਸਾਰੂ ਫੈਸਲੇ ਲਏ। ਇਸ ਮੌਕੇ ਇੰਜ ਦਲਜੀਤ ਸਿੰਘ ਕੋਹਲੀ ਨੇ ਫੋਰਡੇ -ਇੰਡਿਆ ਨੂੰ ਪੰਜਾਬ ਸਟੇਟ ਫ਼ੋਰਮ ਆਫ਼ ਰਿਟਾਇਰਡ ਡਿਪਲੋਮਾ ਇੰਜੀਨੀਅਰਜ ਵਲੋਂ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ।

ਜਿੱਥੇ ਫੋਰਡੇ-ਪੰਜਾਬ ਵੱਲ 31 ਮਾਰਚ, 2025 ਤੱਕ ਰੁਪੈ 5000/- ਦੀ ਬਣਦੀ ਸਾਲਾਨਾ ਚੰਦੇ ਦੀ ਅਦਾਇਗੀ ਜਨਰਲ ਸਕੱਤਰ ਇੰਜੀ. ਵੀ ਕੇ ਕਪੂਰ ਨੇ ਫੋਰਡੇ-ਪੰਜਾਬ ਦੇ ਖਾਤੇ ਵਿੱਚੋਂ ਕੀਤੀ ਉਥੇ ਜਿਕਰਯੋਗ ਹੈ ਕਿ ਫੋਰਡੇ-ਪੰਜਾਬ ਦੇ ਸੂਬਾ ਪ੍ਰਧਾਨ ਇੰਜੀ. ਦਲਜੀਤ ਸਿੰਘ ਕੋਹਲੀ ਨੇ ਆਪਣੇ ਨਿੱਜੀ ਖਾਤੇ ਵਿੱਚੋਂ ਦੱਤ ਭਵਨ ਦੀ ਬਿਲਡਿੰਗ ਫੰਡ ਵਾਸਤੇ 11000/- ਰੂਪੈ ਦੀ ਮਾਲੀ ਸਹਾਇਤਾ ਦਿੱਤੀ । ਫੋਰਡੇ-ਇੰਡੀਆ ਵਲੋਂ ਇੰਜ ਦਲਜੀਤ ਸਿੰਘ ਕੋਹਲੀ ਦੀ ਭਰਪੂਰ ਸ਼ਲਾਘਾ ਕੀਤੀ ਗਈ।

ਇੱਥੇ ਇਹ ਵੀ ਜਿਕਰਯੋਗ ਹੈ ਕਿ ਪੰਜਾਬ ਦੇ ਦੋਨੋ ਨੁਮਾਇੰਦਿਆ ਨੇ ਆਲ਼ ਇੰਡੀਆ ਸਟੇਟ ਪੈਨਸ਼ਨਰਜ਼ ਫੈਡਰੇਸ਼ਨ ਦੇ ਪਲੇਟਫਾਰਮ ਉੱਤੇ ਕੀਤੀ ਗਈ ਮੀਟਿੰਗ ਨੂੰ ਵੀ ਅਟੈਂਡ ਕੀਤਾ ਜਿਸ ਵਿਚ ਫੋਰਡੇ-ਇੰਡੀਆ ਦੇ ਸਕੱਤਰ ਜਨਰਲ ਇੰਜੀ. ਆਰ ਸੀ ਸ੍ਰੀਵਾਸਤਵਾ ਜੀ ਕੋ ਚੇਅਰਮੈਨ ਹਨ। ਉਸ ਮੀਟਿੰਗ ਵਿਚ ਕੋਹਲੀ ਜੀ ਨੇ ਦੇਸ਼ ਭਰ ਤੋਂ ਆਏ ਵੱਖ ਵੱਖ ਕੇਡਰ ਵਿੱਚੋਂ ਰਿਟਾਇਰ ਹੋਏ ਪੈਨਸ਼ਨਰ 100 ਤੋਂ ਵੀ ਜਿਆਦਾ ਲੀਡਰਾਂ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਸਮੂਹ ਪੈਨਸ਼ਨਰਜ਼ ਨੂੰ ਇਸ ਮੰਚ ਨਾਲ ਜੋੜਨ ਦੇ ਭਰਪੂਰ ਉਪਰਾਲੇ ਕਰਨ ਦਾ ਆਸ਼ਵਾਸਨ ਦਿੱਤਾ ਅਤੇ ਇੰਜੀ. ਵੀ ਕੇ ਕਪੂਰ ਨੇ ਸੰਘਰਸ਼ਮਈ ਕਵਿਤਾ ਪੇਸ਼ ਕਰ ਕੇ ਆਲ ਇੰਡੀਆ ਦੇ ਸਮੂਹ ਪੈਨਸ਼ਨਰਜ਼ ਨੂੰ ਲੋੜ ਪੈਣ ਤੇ ਸੰਘਰਸ਼ ਲਈ ਤਿਆਰ ਰਹਿਣ ਵਾਸਤੇ ਪ੍ਰੇਰਨਾ ਦਿੱਤੀ ਅਤੇ ਉਨ੍ਹਾਂ ਦੀ ਭਰਪੂਰ ਸ਼ਲਾਘਾ ਕੀਤੀ।

# ਗਿੱਦੜਬਾਹਾ ਦੇ ਵਿਧਾਇਕ ਨੇ ਆਪਣੇ ਹਲਕੇ ਦੇ ਵੱਖ-ਵੱਖ ਸਰਕਾਰੀ ਸਕੂਲਾਂ ਦੇ ਵਿਕਾਸ ਪ੍ਰੋਜੈਕਟਾਂ ਦਾ ਕੀਤਾ ਉਦਘਾਟਨ

ਫਤਿਹ ਟਾਈਮਜ਼

ਗਿੱਦੜਬਾਹਾ, 17 ਅਪ੍ਰੈਲ (ਨਰਿੰਦਰ ਵਧਵਾ) ਗਿੱਦੜਬਾਹਾ ਦੇ ਵਿਧਾਇਕ ਸ੍ਰ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਸ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਚਲਾਏ ਜਾ ਰਹੀ ਸਿੱਖਿਆ ਕ੍ਰਾਂਤੀ ਮੁਹਿੰਮ ਨੇ ਸੂਬੇ ਭਰ ਵਿੱਚ ਸਿੱਖਿਆ ਨੂੰ ਨਵੀਂ ਦਿਸ਼ਾ ਦਿੱਤੀ ਹੈ। ਜਿੱਥੇ ਵਿਦਿਆਰਥੀਆਂ ਲਈ ਨਵੀਆਂ ਇਮਾਰਤਾਂ ਬਣਾਈ ਜਾ ਰਹੀਆਂ ਹਨ। ਉੱਥੇ ਨਾਲ ਹੀ ਪੁਰਾਣੀ ਖਰਾਬ ਹੋਈਆਂ ਇਮਾਰਤਾਂ ਦੀ ਵੀ ਮੁਰੰਮਤ ਕੀਤੀ ਜਾ ਰਹੀ ਹੈ । ਸ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਵੱਖ ਵੱਖ ਸਰਕਾਰੀ ਸਕੂਲਾਂ ਚ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ। ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗਿੱਦੜਬਾਹਾ (ਮੁੰਡੇ) ਵਿਖੇ ਕੁੱਲ 8.13 ਲੱਖ ਦੇ ਕੰਮ ਕਰਵਾਏ ਗਏ। ਇਸ ਤਹਿਤ



ਸਕੂਲੀ ਕਮਰਿਆਂ ਦੀ ਸੁੰਦਰਤਾ ਵਿੱਚ ਵਾਧਾ ਅਤੇ ਪਖਾਨੇ ਬਨਾਉਣ ਦਾ ਕੰਮ ਕਰਵਾਇਆ ਗਿਆ। ਇਸੇ ਤਰ੍ਹਾਂ ਸਰਕਾਰੀ ਪ੍ਰਾਇਮਰੀ ਸਕੂਲ ਕੋਟਭਾਈ -2 ਵਿਖੇ 3.68 ਲੱਖ ਰੁਪਏ ਦੇ ਕੰਮ ਕਰਵਾਏ ਗਏ ਜਿਸ ਤਹਿਤ ਬਾਥਰੂਮ ਅਤੇ ਚਾਰਦੀਵਾਰੀ ਦੇ ਕੰਮ ਕਰਵਾਏ ਗਏ। ਸਰਕਾਰੀ ਪ੍ਰਾਇਮਰੀ ਸਕੂਲ ਚੋਟੀਆਂ ਵਿਖੇ 8.64, ਲੱਖ ਦੀ ਲਾਗਤ ਨਾਲ ਕਲਾਸ ਰੂਮ ਅਤੇ ਬਾਥਰੂਮ ਬਣਾਏ ਗਏ । ਸਰਕਾਰੀ ਪ੍ਰਾਇਮਰੀ ਸਕੂਲ ਸਾਹਿਬ ਚੰਦ ਵਿਖੇ 1.60 ਲੱਖ ਰੁਪਏ ਦੀ ਲਾਗਤ ਨਾਲ ਇਕ ਸਪੋਰਟਸ ਟਰੈਕ ਬਣਾਇਆ ਗਿਆ। ਇਸੇ ਤਰ੍ਹਾਂ ਸਰਕਾਰੀ ਹਾਈ ਸਕੂਲ ਸਾਹਿਬ ਚੰਦ ਵਿਖੇ 7.51 ਲੱਖ ਦੀ ਲਾਗਤ ਨਾਲ ਇੱਕ ਕਲਾਸ ਰੂਮ ਦਾ ਕੰਮ ਕਰਵਾਇਆ ਗਿਆ । ਸਰਕਾਰੀ ਪ੍ਰਾਇਮਰੀ ਸਕੂਲ ਕੋਠੇ ਭਾਗ ਸਿੰਘ ਵਿਖੇ 41.80 ਲੱਖ ਰੁਪਏ ਦੀ ਲਾਗਤ ਨਾਲ ਪੰਜ ਕਲਾਸ ਰੂਮ, ਸਕੂਲ ਦੀ ਚਾਰਦੀਵਾਰੀ ਅਤੇ ਬਾਥਰੂਮ ਦਾ ਕੰਮ ਕਰਵਾਇਆ ਗਿਆ । ਸਰਕਾਰੀ ਹਾਈ ਸਕੂਲ ਧੂਲਕੋਟ 20 ਲੱਖ ਦੀ ਲਾਗਤ ਨਾਲ ਸਕੂਲ ਦੀ ਚਾਰਦੀਵਾਰੀ ਅਤੇ ਕਮਰਿਆਂ ਦੀ ਮੁਰੰਮਤ ਕਰਵਾਈ ਗਈ। ਸ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਦੱਸਿਆ ਕਿ ਸਰਕਾਰੀ ਪ੍ਰਾਇਮਰੀ ਸਕੂਲ ਗੁੜੀ ਸੰਘਰ ਦੇ ਦੋ ਕਲਾਸ ਰੂਮ, ਰਿਪੇਅਰ ਅਤੇ ਚਾਰਦੀਵਾਰੀ ਤੇ 28.84 ਲੱਖ ਰੁਪਏ ਖ਼ਰਚ ਕੀਤੇ ਗਏ। ਇਸੇ ਤਰ੍ਹਾਂ ਸਰਕਾਰੀ ਹਾਈ ਸਕੂਲ ਗੂੜੀ ਸੰਘਰ ਵਿਖੇ 26.32 ਲੱਖ ਦੀ ਲਾਗਤ ਨਾਲ ਸਾਇੰਸ ਲੈਬ,ਇੱਕ ਕਲਾਸ ਰੂਮ, ਚਾਰਦੀਵਾਰੀ ਅਤੇ ਬਾਥਰੂਮ ਬਣਾਏ ਗਏ। ਇਸ ਮੌਕੇ ਸਵਿੰਦਰ ਸਿੰਘ ਕੋਟਲੀ ਕੁਆਰਡੀਨੇਟਰ, ਗੁਰਪ੍ਰੀਤ ਸਿੰਘ ਕੁਆਰਡੀਨੇਟਰ,ਡੀ ਪੀ ਈ ਓ ਬਲਵਿੰਦਰ ਸਿੰਘ ਅਤੇ ਮਨੋਜ਼ ਕੁਮਾਰ ਬੇਦੀ ਵੀ ਹਾਜ਼ਰ ਸਨ।






Editor,Owner and Publisher Sarbjot Singh Khalsa on behalf of Fateh Times online news and media company Regd:PB22000167,Published from Fateh Times H/O Mankdeka Road , Fatehabad,(Tarntaran) 143407

ਅਦਾਲਤੀ ਸ਼ਿਕਾਇਤਾਂ ਅਤੇ ਝਗੜਿਆਂ ਦਾ ਨਿਪਟਾਰਾ ਕੇਵਲ ਲੋਕਲ ਸਬ ਡਵੀਜ਼ਨ ਖਡੂਰ ਸਾਹਿਬ ਵਿਖੇ ਹੀ ਹੋਵੇਗਾ।

# ਗੁਰੂ ਅਰਜਨ ਦੇਵ ਖਾਲਸਾ ਕਾਲਜ ਵਿਖੇ ਡਾ ਹਰਮਨਦੀਪ ਸਿੰਘ ਨੇ ਨਵੇਂ ਪ੍ਰਿੰਸੀਪਲ ਵਜੋਂ ਅਹੁਦਾ ਸੰਭਾਲਿਆ



ਚੋਹਲਾ ਸਾਹਿਬ, 17 ਅਪ੍ਰੈਲ (ਸਨਦੀਪ ਸਿੱਧੂ,ਪਰਮਿੰਦਰ ਚੋਹਲਾ) ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸਥਾਨਕ ਗੁਰੂ ਅਰਜਨ ਦੇਵ ਖਾਲਸਾ ਕਾਲਜ ਵਿਖੇ ਡਾ। ਹਰਮਨਦੀਪ ਸਿੰਘ ਨੇ ਨਵੇਂ ਪ੍ਰਿੰਸੀਪਲ ਵਜੋਂ ਅਹੁਦਾ ਸੰਭਾਲਿਆ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਗੁਰਬਚਨ ਸਿੰਘ ਕਰਮੂੰਵਾਲਾ ਅਤੇ ਰਣਜੀਤ ਸਿੰਘ ਮੈਨੇਜਰ ਗੁਰਦੁਆਰਾ ਪੰਚਾਮ ਪਾਤਸ਼ਾਹੀ ਚੋਹਲਾ ਸਾਹਿਬ ਨੇ ਵਿਸ਼ੇਸ਼ ਤੌਰ ਤੇ ਕਾਲਜ ਪਹੁੰਚ ਕੇ ਪ੍ਰਿੰਸੀਪਲ ਡਾ ਹਰਮਨਦੀਪ ਸਿੰਘ ਨੂੰ ਮੁਬਾਰਕ ਦਿੱਤੀ। ਜ਼ਿਕਰਯੋਗ ਹੈ ਕਿ ਡਾ। ਹਰਮਨਦੀਪ ਸਿੰਘ ਉੱਚ ਵਿੱਦਿਆ ਹਾਸਿਲ ਤੇ ਤਜ਼ਰਬੇਕਾਰ ਪ੍ਰਸ਼ਾਸ਼ਕੀ ਅਹੁਦਿਆਂ ਤੇ ਬਿਰਾਜ਼ਮਾਨ ਰਹੇ ਹਨ। ਉਨ੍ਹਾਂ ਨੇ ਆਪਣੀ ਪੀ ਐਚ ਡੀ ਦੀ ਡਿਗਰੀ ਕੰਪਿਊਟਰ ਸਾਇੰਸ ਵਿਸ਼ੇ ਵਿੱਚ ਪੂਰਨ ਕੀਤੀ ਹੈ। ਉਨ੍ਹਾਂ ਦੇ ਬਹੁਤ ਸਾਰੇ ਖੋਜ-ਪੱਤਰ ਵੱਖ-ਵੱਖ ਰਾਸ਼ਟਰੀ ਤੇ ਅੰਤਰਰਾਸ਼ਟਰੀ ਮੈਗਜ਼ੀਨ ਵਿੱਚ ਛਪ ਚੁੱਕੇ ਹਨ। ਉਹ ਪਿਛਲੇ 10 ਸਾਲਾਂ ਤੋਂ ਵੱਖ ਵੱਖ ਕਾਲਜਾਂ ਵਿੱਚ ਪ੍ਰਿੰਸੀਪਲ ਦੇ ਅਹੁਦੇ ਤੇ ਬਿਰਾਜਮਾਨ ਰਹੇ ਹਨ। ਅੱਜ ਉਨ੍ਹਾਂ ਪ੍ਰਿੰਸੀਪਲ ਦੇ ਅਹੁਦੇ ਤੇ ਬਿਰਾਜ਼ਮਾਨ ਹੁੰਦਿਆਂ ਕਾਲਜ ਦੇ ਪ੍ਰਸ਼ਾਸ਼ਨਿਕ ਢਾਂਚੇ ਨੂੰ ਸੁਚੱਜਤਾ ਨਾਲ ਚਲਾਉਣ ਦਾ ਦ੍ਰਿੜ ਨਿਸਚਾ ਦਰਸਾਇਆ। ਉਥੇ ਹੀ ਇਲਕੇ ਦੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਨਵੀਆਂ ਤਕਨੀਕਾਂ ਪ੍ਰਫੁਲਤ ਕਰਨ ਤੇ ਜ਼ੋਰ ਦਿੱਤਾ। ਉਹਨਾ ਦੱਸਿਆ ਕਿ ਸਮੂਹ ਟੀਚਿੰਗ ਤੇ ਨਾਨ ਟੀਚਿੰਗ ਸਟਾਫ ਦੀ ਸਹਾਇਤਾ ਨਾਲ ਪੇਂਡੂ ਇਲਾਕੇ ਦੇ ਵਿਦਿਆਰਥੀਆਂ ਲਈ ਵਿਕਾਸ ਦੇ ਨਵੇਂ ਮੌਕੇ ਦਿਤੇ ਜਾਣਗੇ। ਉਨ੍ਹਾਂ ਆਖਿਆ ਕਿ ਵਿਦਿਆਰਥੀਆਂ ਵਿੱਚ ਵੱਖ ਵੱਖ ਵਿਦਿਅਕ ਅਤੇ ਸਹਿਵਿਦੀਅਕ ਗਤੀਵਿਧੀਆ ਦੇ ਮੁਕਬਲੇ ਕਰਵਾ ਕੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਬਣਦਾ ਯੋਗਦਾਨ ਦੇਣ ਲਈ ਹਮੇਸ਼ਾ ਤਿਆਰ ਰਹਿਣਗੇ। ਕਾਲਜ ਦੇ ਸਮੂਹ ਸਟਾਫ ਵਲੋਂ ਉਨ੍ਹਾਂ ਨੂੰ ਜੀ ਆਇਆ ਆਖਿਆ ਗਿਆ। ਇਸ ਮੌਕੇ ਕਾਲਜ ਦਾ ਸਮੂਹ ਸਟਾਫ ਹਾਜ਼ਰ ਸੀ।

# ਪ੍ਰਾਇਮਰੀ ਸਕੂਲ ਦੇ ਵਿਦਿਆਰਥੀਆਂ ਨੂੰ ਬੈਗ ਵੰਡੇ



ਤਪਾ ਮੰਡੀ, 17 ਅਪ੍ਰੈਲ (ਧੀਮਾਨ) ਨੇੜਲੇ ਪਿੰਡ ਤਾਜੋਕੇ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਸਮਾਜ ਸੇਵੀ ਐਡਵੋਕੇਟ ਬਲਵਿੰਦਰ ਸਿੰਘ ਭੁੱਲਰ ਤੇ ਉਨਾਂ ਦੀ ਸੁਪਤਨੀ ਪ੍ਰਿੰਸੀਪਲ ਮਨਜੀਤ ਕੌਰ ਵੱਲੋਂ ਸਕੂਲੀ ਵਿਦਿਆਰਥੀਆਂ ਨੂੰ 200 ਦੇ ਕਰੀਬ ਸਕੂਲੀ ਬੈਗ ਵੰਡੇ ਗਏ।52 ਸਾਲ ਦੀ ਉਮਰ ਚ ਲਾਅ ਦੀ ਪੜਾਈ ਕਰਨ ਵਾਲੇ ਐਡਵੋਕੇਟ ਬਲਵਿੰਦਰ ਸਿੰਘ ਭੁੱਲਰ ਨੇ ਕਿਹਾ ਕਿ ਪ੍ਰਾਇਮਰੀ ਸਕੂਲ ਦੇ ਵਿਦਿਆਰਥੀਆਂ ਦੇ ਚੰਗੇ ਭਵਿੱਖ ਲਈ ਵਪਾਰਕ,ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਨੂੰ ਵੀ ਅੱਗੇ ਆ ਕੇ ਉਪਰਾਲੇ ਕਰਨ ਦੀ ਲੋੜ ਹੈ ਤਾਂ ਜੋ ਇੱਕ ਚੰਗਾ ਸਮਾਜ ਸਿਰਜਣ ਲਈ ਨਿਉਂ ਜੜ ਮਜਬੂਤ ਕੀਤੀ ਜਾ ਸਕੇ।ਸਰਪੰਚ ਕਰਨਦੀਪ ਸਿੰਘ ਕਾਕਾ ਅਤੇ ਮੁੱਖ ਅਧਿਆਪਕਾ ਗੁਰਪ੍ਰੀ ਕੌਰ ਵੱਲੋਂ ਸਮਾਜ ਸੇਵੀ ਪ੍ਰੀਵਾਰ ਦਾ ਧੰਨਵਾਦ ਕੀਤਾ ਗਿਆ ।ਇਸ ਮੌਕੇ ਮਾਸਟਰ ਜਗਰਾਜ ਸਿੰਘ,ਸੁਰਜੀਤ ਸਿੰਘ ਫੌਜੀ ਅਤੇ ਪ੍ਰਸ਼ੋਤਮ ਸ਼ਰਮਾਂ ਆਦਿ ਹਾਜਰ ਸਨ।


# ਪੱਤਰਕਾਰਾਂ ਦੀ ਲੋੜ

ਅਦਾਰਾ ਫਤਿਹ ਟਾਈਮਜ਼ ਨੂੰ ਪੰਜਾਬ ਦੇ ਵੱਖ ਵੱਖ ਸ਼ਹਿਰਾਂ ਕਸਬਿਆਂ ਤੋਂ ਪੜ੍ਹੇ ਲਿਖੇ ਰਿਪੋਰਟਰਾਂ ਦੀ ਲੋੜ ਹੈ ਚਾਹਵਾਨ ਹੇਠ ਦਿੱਤੇ ਨੰਬਰ ਤੇ ਸੰਪਰਕ ਕਰਨ ।

ਮੋ:99885-37575


# ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਮੌਕੇ 19 ਅਪ੍ਰੈਲ ਨੂੰ ਕਰਵਾਇਆ ਜਾਵੇਗਾ ਮਹਾਨ ਗੁਰਮਤਿ ਸਮਾਗਮ



ਅੰਮ੍ਰਿਤਸਰ, 17 ਅਪ੍ਰੈਲ (ਪ ਪ) ਧੰਨ-ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਅਤੇ ਸਨਮਾਨ ਸਮਾਰੋਹ ਗੁਰਦੁਆਰਾ ਗੁਰੂ ਨਾਨਕ ਦਰਬਾਰ, ਸੈਕਟਰ-91,ਮੋਹਾਲੀ ਵਿਖੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਸਦਕਾ 19 ਅਪ੍ਰੈਲ, ਸ਼ਨੀਵਾਰ ਸ਼ਾਮ 6:00 ਵਜੇ ਤੋਂ 8:30 ਵਜੇ ਤੱਕ ਕਰਵਾਇਆ ਜਾਵੇਗਾ ਜਾਣਕਾਰੀ ਦਿੰਦਿਆ ਸ੍ਰ ਡੀ ਪੀ ਸਿੰਘ ਸਾਬਕਾ ਸੀ ਈ ਓ ਸ੍ਰੀ ਹਜ਼ੂਰ ਸਾਹਿਬ,ਸਾਬਕਾ ਡੀ ਜੀ ਐਮ ਪੰਜਾਬ ਐਂਡ ਸਿੰਧ ਬੈਂਕ,ਸਾਬਕਾ ਸੀ ਈ ਓ ਐੱਚ ਐਸ ਜੀ ਐਮ ਸੀ,ਸਾਬਕਾ ਡੀ ਆਰ ਯੂ ਸੀ ਸੀ ਮੈਂਬਰ ਸ੍ਰੀ ਹਜ਼ੂਰ ਸਾਹਿਬ,ਸਲਾਹਕਾਰ ਜੀ ਪੀ ਐਸ ਐਸ,ਸੀਨੀਅਰ ਮੀਤ ਪ੍ਰਧਾਨ ਦ ਸਿੱਖ ਹੋਪ ਚੈਰੀਟੇਬਲ ਟਰੱਸਟ ਚੰਡੀਗੜ ਅਤੇ ਬ੍ਰਾਂਚ ਤੇਰਾ ਹੀ ਤੇਰਾ ਮੈਡੀਕੋਜ਼ ਚੰਡੀਗੜ੍ਹ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਭਾਈ ਮਨਜਿੰਦਰ ਸਿੰਘ ਜੀ ਰਬਾਬੀ ਹਜ਼ੂਰੀ ਰਾਗੀ ਜਥਾ ਗੁ: ਨਾਢਾ ਸਾਹਿਬ ਅਤੇ ਕੀਰਤਨ ਸਿੱਖ ਹੋਪ ਚੈਰੀਟੇਬਲ ਟਰੱਸਟ ਜੱਥਾ ਸੰਗਤਾਂ ਨੂੰ ਗੁਰਬਾਣੀ ਰਸ ਨਾਲ ਜੋੜਨਗੇ ਅਤੇ
ਇਸ ਸਮਾਗਮ ਵਿੱਚ ਸਿੱਖ ਹੋਪ ਚੈਰੀਟੇਬਲ ਟਰੱਸਟ ਵੱਲੋਂ ਵਿੱਤੀ ਸਹਾਇਤਾ ਤਹਿਤ ਲੋੜਵੰਦ ਗੁਰਸਿੱਖਾਂ ਨੂੰ ਆਪਣਾ ਨਵਾਂ ਕੰਮ ਆਰੰਭ ਕਰਨ ਲਈ ਮਾਇਕ ਸਹਾਇਤਾ ਦਿੱਤੀ ਜਾਵੇਗੀ ਅਤੇ ਗੁਰਸਿੱਖ ਵੀਰਾਂ ਨੂੰ ਫਾਈਨੈਂਸਲ ਹੈਲਪ ਵੀ ਦਿੱਤੀ ਜਾਵੇਗੀ ਅਤੇ ਅਰਦਾਸ ਉਪਰੰਤ ਗੁਰੂ ਕਾ ਲੰਗਰ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

# ਵਿਧਾਇਕ ਉੱਗੋਕੇ ਵਲੋਂ ਸਕੂਲਾਂ ਵਿਚ 55 ਲੱਖ ਤੋਂ ਵੱਧ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦਾ ਉਦਘਾਟਨ




ਤਪਾ ਮੰਡੀ 17 ਅਪ੍ਰੈਲ (ਧੀਮਾਨ) ਵਿਧਾਇਕ ਹਲਕਾ ਭਦੌੜ ਸ. ਲਾਭ ਸਿੰਘ ਉੱਗੋਕੇ ਵਲੋਂ ਪਿੰਡ ਧੌਲਾ ਅਤੇ ਰੂੜੇਕੇ ਦੇ ਸਕੂਲਾਂ ਵਿਚ 55 ਲੱਖ ਤੋਂ ਵੱਧ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ।ਉਨ੍ਹਾਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧੌਲਾ ਵਿਚ ਸਾਢੇ 18 ਲੱਖ ਦੀ ਲਾਗਤ ਨਾਲ ਕਲਾਸ ਰੂਮ, ਸਾਇੰਸ ਲੈਬ ਸਮੇਤ ਹੋਰ ਕੰਮਾਂ ਦੇ ਉਦਘਾਟਨ ਕੀਤੇ। ਉਨ੍ਹਾਂ ਸਰਕਾਰੀ ਪ੍ਰਾਇਮਰੀ ਸਕੂਲ ਗੁਰੂ ਕਾ ਬਾਗ ਧੌਲਾ ਵਿਚ 2.73 ਲੱਖ ਦੇ ਵਿਕਾਸ ਕਾਰਜਾਂ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੂੜੇਕੇ ਕਲਾਂ ਵਿੱਚ 16.38 ਲੱਖ ਦੇ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਰੂੜੇਕੇ ਕਲਾਂ ਦੇ 18.28 ਲੱਖ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।ਇਸ ਮੌਕੇ ਉਨ੍ਹਾਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧੌਲਾ ਸਕੂਲ ਵਿੱਚ ਮੀਡੀਆ ਨਾਲ ਗੱਲ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ ਮੁਹਿੰਮ ਤਹਿਤ ਹਲਕਾ ਭਦੌੜ ਦੇ ਸਕੂਲਾਂ ਵਿਚ ਵਿਕਾਸ ਕਾਰਜ ਜਾਰੀ ਹਨ। ਉਨ੍ਹਾਂ ਕਿਹਾ ਕਿ ਧੌਲਾ ਸਕੂਲ ਵਿੱਚ ਕਰੀਬ ਸਾਢੇ 18 ਲੱਖ ਰੁਪਏ ਦੀ ਗ੍ਰਾਂਟ ਨਾਲ ਕੰਮ ਕਰਵਾਏ ਗਏ ਹਨ ਜਿਸ ਵਿਚ ਸਮਾਰਟ ਕਲਾਸ ਰੂਮ ਅਤੇ ਸਾਇੰਸ ਲੈਬ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਸਕੂਲਾਂ ਦੀ ਨੁਹਾਰ ਬਦਲੀ ਜਾ ਰਹੀ ਹੈ। ਬਲਾਕ ਸ਼ਹਿਣਾ ਦੇ ਸਕੂਲਾਂ ਵਿਚ 120 ਨਵੇਂ ਅਧਿਆਪਕ ਆਏ ਹਨ ਜਿਸ ਲਈ ਉਹ ਮੁੱਖ ਮੰਤਰੀ ਦੇ ਧੰਨਵਾਦੀ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੀ ਸਿੱਖਿਆ ਕ੍ਰਾਂਤੀ ਸਦਕਾ ਸਕੂਲਾਂ ਦੇ ਨਤੀਜੇ ਵੀ ਵਧੀਆ ਆ ਰਹੇ ਹਨ।ਇਸ ਮੌਕੇ ਉਨ੍ਹਾਂ ਨਾਲ ਚੇਅਰਮੈਨ ਮਾਰਕੀਟ ਕਮੇਟੀ ਤਪਾ ਤਰਸੇਮ ਸਿੰਘ ਕਾਹਨੇਕੇ, ਚੇਅਰਮੈਨ ਮਾਰਕੀਟ ਕਮੇਟੀ ਭਦੌੜ ਅੰਮ੍ਰਿਤ ਢਿੱਲਵਾਂ, ਸਿੱਖਿਆ ਵਿਭਾਗ ਤੋਂ ਹਰਵਿੰਦਰ ਰੋਮੀ ਤੇ ਹੋਰ ਪਤਵੰਤੇ ਹਾਜ਼ਰ ਸਨ।

# ਸਿਹਤ ਸਕੱਤਰ ਵੱਲੋ ਦਿੱਤਾ ਦਾ ਭਰੋਸਾ ਲਟਕਿਆ- ਸੁਖਵਿੰਦਰ ਸਿੰਘ

## ਉਮਰ ਹੱਦ ਛੋਟ ਅਤੇ ਪੋਸਟਾਂ ਫਿਰ ਲਾਰਾ ਬਣੀਆਂ 20 ਅਪ੍ਰੈਲ ਮੁੜ ਸਿਹਤ ਮੰਤਰੀ ਦੀ ਕੋਠੀ ਦਾ ਘਿਰਾਓ



ਤਪਾ ਮੰਡੀ, 17 ਅਪ੍ਰੈਲ (ਧੀਮਾਨ) ਸਿਹਤ ਵਿਭਾਗ ਵਿਚ ਮਲਟੀਪਰਪਜ਼ ਹੈਲਥ ਵਰਕਰ ਪੁਰਸ਼ ਦੀਆਂ 270 ਪੋਸਟਾਂ ਉੱਤੇ ਉਮਰ ਹੱਦ ਛੋਟ ਸਮੇਤ ਭਰਤੀ ਦੀ ਮੰਗ ਕਰਦੇ ਬੇਰੁਜ਼ਗਾਰਾਂ ਦੀ ਮੀਟਿੰਗ ਪਿਛਲੇ ਦਿਨੀਂ 4 ਅਪ੍ਰੈਲ ਨੂੰ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੇ ਦਫਤਰ ਸੈਕਟਰ 34 ਚੰਡੀਗੜ੍ਹ ਵਿਖੇ ਹੋਈ।ਜਿੱਥੇ ਸਿਹਤ ਸਕੱਤਰ ਕੁਮਾਰ ਰਾਹੁਲ ਅਤੇ ਸਿਹਤ ਡਾਇਰੈਕਟਰ ਮੈਡਮ ਜਸਵਿੰਦਰ ਹਾਜ਼ਰ ਸਨ।ਉਹਨਾਂ ਬੇਰੁਜ਼ਗਾਰ ਮਲਟੀਪਰਪਜ਼ ਹੈਲਥ ਵਰਕਰ ਯੂਨੀਅਨ(ਪੁਰਸ਼) ਵੱਲੋਂ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਢਿੱਲਵਾਂ ਸਮੇਤ ਪਹੁੰਚੇ ਵਫ਼ਦ ਨੂੰ ਭਰੋਸਾ ਦਿੱਤਾ ਸੀ ਕਿ ਜਲਦੀ ਉਮਰ ਹੱਦ ਛੋਟ ਸਮੇਤ ਪੋਸਟਾਂ ਦਾ ਇਸ਼ਤਿਹਾਰ ਜਾਰੀ ਕੀਤਾ ਜਾਵੇਗਾ।ਪ੍ਰੰਤੂ ਕਰੀਬ 2 ਹਫਤੇ ਬੀਤਣ ਮਗਰੋ ਵੀ ਮੰਗਾਂ ਬਾਬਤ ਕੋਈ ਕਾਰਵਾਈ ਨਹੀਂ ਹੋਈ।ਉਲਟਾ ਸਿਹਤ ਵਿਭਾਗ ਵਿਚ ਸੇਵਾਮੁਕਤੀ ਦੀ ਉਮਰ ਹੱਦ 'ਚ ਬਿਨਾਂ ਮੰਗਿਆ ਵਾਧਾ ਕਰ ਦਿੱਤਾ ਹੈ, ਜਿਹੜਾ ਕਿ ਬੇਰੁਜ਼ਗਾਰ ਵਰਗ ਲਈ ਮਾਰੂ ਸਾਬਤ ਹੋਵੇਗਾ।ਜਦਕਿ ਉਮਰ ਹੱਦ ਛੋਟ ਦੀ ਮੰਗ ਬੇਰੁਜ਼ਗਾਰਾਂ ਵੱਲੋ ਨਵੀਆਂ ਭਰਤੀਆਂ ਕੀਤੀ ਜਾ ਰਹੀ ਹੈ।ਇਸ ਲਈ ਉਮਰ ਹੱਦ ਛੋਟ ਅਤੇ 270 ਪੋਸਟਾਂ ਦੇ ਇਸ਼ਤਿਹਾਰ ਦੀ ਮੰਗ ਨੂੰ ਲੈਕੇ ਬੇਰੁਜ਼ਗਾਰ ਮਲਟੀ ਪਰਪਜ਼ ਹੈਲਥ ਵਰਕਰ ਯੂਨੀਅਨ (ਪੁਰਸ਼) ਮੁੜ 20 ਅਪ੍ਰੈਲ ਨੂੰ ਸਿਹਤ ਮੰਤਰੀ ਦੀ ਕੋਠੀ ਦਾ ਪਟਿਆਲਾ ਵਿਖੇ ਘਿਰਾਓ ਕਰੇਗੀ।ਉਕਤ ਜਾਣਕਾਰੀ ਯੂਨੀਅਨ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਢਿਲਵਾਂ ਨੇ ਦਿੱਤੀ।ਉਹਨਾਂ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਮਲਟੀ ਪਰਪਜ਼ ਹੈਲਥ ਵਰਕਰ (ਪੁਰਸ਼) ਦਾ ਡੇਢ ਸਾਲਾ ਕੋਰਸ ਕਰਵਾਇਆ ਜਾਂਦਾ ਸੀ।ਜਿਹੜਾ ਕਿ ਤਿੰਨ ਸੰਸਥਾਵਾਂ ਖਰੜ,ਨਾਭਾ ਅਤੇ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਹੁੰਦਾ ਸੀ।ਪ੍ਰੰਤੂ ਇਹ ਕੋਰਸ 2011 ਤੋ ਬੰਦ ਪਿਆ ਹੈ। ਪੰਜਾਬ ਅੰਦਰ ਕੁੱਲ 3200 ਕੋਰਸ ਪਾਸ ਬੇਰੁਜ਼ਗਾਰ ਹਨ।ਸਾਲ 2020 ਵਿਚ ਆਖ਼ਰੀ ਭਰਤੀ ਕੁੱਲ 200 ਪੋਸਟਾਂ ਉੱਤੇ ਹੋਈ ਸੀ।ਜਿਸ ਮੌਕੇ ਵੱਡੀ ਗਿਣਤੀ ਬੇਰੁਜ਼ਗਾਰ ਓਵਰ ਏਜ਼ ਹੋ ਜਾਣ ਕਰਕੇ ਅਪਲਾਈ ਨਹੀਂ ਕਰ ਸਕੇ। ਉਨ੍ਹਾਂ ਕਿਹਾ ਕਿ ਹੁਣ ਜਦੋਂ 270 ਪੋਸਟਾਂ ਦੀ ਪ੍ਰਵਾਨਗੀ ਪੰਜਾਬ ਸਰਕਾਰ ਨੇ ਦਿੱਤੀ ਹੈ ਤਾਂ ਸੇਵਾ ਨਿਯਮਾਂ ਵਿਚ ਸੋਧ ਕਰਕੇ ਉਮਰ ਏਜ਼ ਹੋ ਚੁਕੇ ਉਮੀਦਵਾਰਾਂ ਨੂੰ ਇੱਕ ਮੌਕਾ ਲਾਜ਼ਮੀ ਦਿੱਤਾ ਜਾਵੇ।ਜੇਕਰ ਸਰਕਾਰ ਚੋਣ ਵਾਅਦਾ ਪੂਰਾ ਨਹੀਂ ਕਰਦੀ ਤਾਂ ਇਹਨਾ 270 ਪੋਸਟਾਂ ਲਈ ਸਿਰਫ 300 - 400 ਉਮੀਦਵਾਰ ਹੀ ਅਪਲਾਈ ਕਰਨਗੇ ।ਕਿਉਕਿ ਬਾਕੀ ਬੇਰੁਜ਼ਗਾਰ ਓਵਰ ਏਜ਼ ਹਨ।ਉਹਨਾਂ ਐਲਾਨ ਕੀਤਾ ਕਿ ਜੇਕਰ ਜਲਦੀ ਫੈਸਲਾ ਨਾ ਕੀਤਾ ਤਾਂ 20 ਅਪ੍ਰੈਲ ਨੂੰ ਸਿਹਤ ਮੰਤਰੀ ਡਾਕਟਰ ਬਲਵੀਰ ਸਿੰਘ ਦੀ ਪਟਿਆਲਾ ਵਿਖੇ ਗੁਰਦੁਆਰਾ ਦੂਖ ਨਿਵਾਰਨ ਸਾਹਿਬ ਨੇੜੇ ਪਾਸੀ ਰੋਡ ਉੱਤੇ ਬਣੀ ਕੋਠੀ ਦਾ ਘਿਰਾਓ ਕੀਤਾ ਜਾਵੇਗਾ। ਇਸ ਮੌਕੇ ਮੱਖਣ ਸਿੰਘ ,ਲਖਵਿੰਦਰ ਸਿੰਘ ,ਲਖਵੀਰ ਲੱਖਾ,ਗੁਰਲਾਲ ਸਿੰਘ,ਬਲਵਿੰਦਰ ਸਿੰਘ ਅਤੇ ਲਖਵੀਰ ਸਿੱਧੂ ਆਦਿ ਹਾਜ਼ਰ ਸਨ।

# ਗਿੱਦੜਬਾਹਾ ਵਿਖੇ ਚੋਰਾਂ ਨੇ ਤਾਂ ਸ਼ਿਵਪੁਰੀ ਨੂੰ ਵੀ ਨਹੀਂ ਬਖਸ਼ਿਆ

ਫਤਿਹ ਟਾਈਮਜ਼

**ਮ੍ਰਿਤਕਾਂ ਨੂੰ ਰੱਖਣ ਵਾਲੀ ਫਰਿੱਜਾਂ ਵਿਚੋਂ ਤਾਂਬੇ ਦੀਆਂ ਪਾਈਪਾਂ ਚੋਰੀ ਕੀਤੀਆ।**



ਗਿੱਦੜਬਾਹਾ, 17 ਅਪ੍ਰੈਲ (ਨਰਿੰਦਰ ਵਧਵਾ) ਗਿੱਦੜਬਾਹਾ ਵਿਖੇ ਅਣਪਛਾਤੇ ਚੋਰਾਂ ਵੱਲੋਂ ਚੋਰੀ ਦੀ ਬੇਹੱਦ ਸ਼ਰਮਨਾਕ ਘਟਨ ਨੂੰ ਅੰਜਾਮ ਦਿੱਤਾ ਹੈ।
ਬੀਤੀ ਰਾਤ ਚੋਰਾਂ ਨੇ ਸਥਾਨਕ ਭਾਰੂ ਰੋਡ ਸਥਿਤ ਸ਼ਿਵਪੁਰੀ ਵਿਚ ਮ੍ਰਿਤਕਾਂ ਨੂੰ ਰੱਖਣ ਲਈ ਬਣੇ 3 ਡੀਪ ਫਰਿੱਜਾਂ ਵਿਚੋਂ ਤਾਂਬੇ ਦੀਆਂ ਪਾਈਪਾਂ ਨੂੰ ਚੋਰੀਂ ਕਰ ਲਿਆ ਹੈ। ਇੰਨਾਂ ਹੀ ਨਹੀਂ ਚੋਰ ਸ਼ਿਵਪੁਰੀ ਦੇ ਵਾਟਰ ਕੂਲਰ ਦੇ ਪਿਛਲੇ ਪਾਸੇ ਲੱਗੀਆਂ ਤਾਂਬੇ ਦੀਆਂ ਤਾਰਾਂ ਨੂੰ ਵੀ ਚੋਰੀਂ ਕਰਕੇ ਲੈ ਗਏ ਹਨ। ਸ਼ਿਵਪੁਰੀ ਦੇ ਮੈਨੇਜਰ ਕੁਲਦੀਪ ਸਿੰਘ ਨੂੰ ਡੀਪ ਫਰਿੱਜਾਂ ਵਿਚ ਕੋਈ ਛੇੜਛਾੜ ਮਹਿਸੂਸ ਹੋਣ ਤੇ ਜਦੋਂ ਉਨ੍ਹਾਂ ਡੀਪ ਫਰਿੱਜ ਚੈਂਕ ਕੀਤੇ ਤਾਂ ਇਸ ਚੋਰੀ ਬਾਰੇ ਪਤਾ ਲੱਗਾ ਉੱਧਰ ਸ਼ਿਵਪੁਰੀ ਕਮੇਟੀ ਦੇ ਪ੍ਰਧਾਨ ਨਵਨੀਤ ਬਾਂਸਲ ਵੱਲੋਂ ਇਸ ਸਬੰਧੀ ਲਿਖਤੀ ਸ਼ਿਕਾਇਤ ਥਾਣਾਂ ਗਿੱਦੜਬਾਹਾ ਵਿਖੇ ਦੇ ਦਿੱਤੀ ਗਈ ਹੈ।

# ਗਿੱਦੜਬਾਹਾ ਦੀ ਅਗਰਵਾਲ ਸਭਾ ਦੀ ਮੀਟਿੰਗ ਦੌਰਾਨ ਸਮਾਜ ਵਿੱਚ ਫੈਲੀਆਂ ਕੁਰੀਤੀਆਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ



ਫਤਿਹ ਟਾਈਮਜ਼

ਗਿੱਦੜਬਾਹਾ, 17 ਅਪ੍ਰੈਲ (ਨਰਿੰਦਰ ਵਧਵਾ) ਅਗਰਵਾਲ ਸਭਾ ਦੀ ਮੀਟਿੰਗ ਸਭਾ ਦੇ ਨਵਨਿਯੁਕਤ ਪ੍ਰਧਾਨ ਵਨੀਤ ਜਿੰਦਲ ਮੋਟੀ ਦੀ ਪ੍ਰਧਾਨਗੀ ਹੇਠ ਸਥਾਨਕ ਐੱਸ ਐੱਸ ਡੀ ਕਮਿਊਨਿਟੀ ਸੈਂਟਰ ਵਿਖੇ ਹੋਈ। ਮੀਟਿੰਗ ਵਿਚ ਅਗਰਵਾਲ ਸਭਾ ਦੇ ਜ਼ਿਲ੍ਹਾ ਪ੍ਰਧਾਨ ਦਿਨੇਸ਼ ਸਿੰਗਲਾ ਬੋਬੀ ਨੇ ਉਚੇਚੇ ਤੌਰ ਤੇ ਸ਼ਿਰਕਤ ਕੀਤੀ। ਇਸ ਮੌਕੇ ਸਭਾ ਦੇ ਅਹੁਦੇਦਾਰਾਂ ਅਤੇ ਹਾਜ਼ਰ ਮੈਂਬਰਾਂ ਵੱਲੋਂ ਅਗਰਵਾਲ ਸਮਾਜ ਵਿੱਚ ਫੈਲੀਆਂ ਕੁਰੀਤੀਆਂ ਨੂੰ ਦੂਰ ਕਰਨ ਅਗਰਵਾਲ ਸਮਾਜ ਦੀ ਚੜ੍ਹਦੀ ਕਲਾ ਅਤੇ ਸਮਾਜ ਦੇ ਆਰਥਿਕ ਪੱਖੋਂ ਕੰਮਜ਼ੋਰ ਵਰਗ ਦੀ ਮਦਦ ਕਰਨ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਸਭਾ ਵੱਲੋਂ ਮ੍ਰਿਤੂ ਭੋਜ ਸਮੇਂ ਲਗਾਈਆਂ ਜਾਂਦੀਆਂ ਵੱਖ ਵੱਖ ਤਰ੍ਹਾਂ ਦੀਆਂ ਸਨੈਕਸ ਸਟਾਲਾਂ ਨੂੰ ਬੰਦ ਕਰਨ ਅਤੇ ਸ਼ਹਿਰ ਵਾਸੀਆਂ ਵੱਲੋਂ ਮ੍ਰਿਤੂ ਭੋਜ ਨਾ ਕੀਤੇ ਜਾਣ ਬਾਰੇ ਉਚੇਚੇ ਤੌਰ ਤੇ ਵਿਚਾਰ ਚਰਚਾ ਕੀਤੀ ਗਈ। ਪ੍ਰਧਾਨ ਵਨੀਤ ਜਿੰਦਲ ਮੋਟੀ ਨੇ ਦੱਸਿਆ ਕਿ ਸਭਾ ਵੱਲੋਂ ਸਭ ਤੋਂ ਪਹਿਲਾਂ ਉਕਤ ਦੋਵੇਂ ਕੁਰੀਤੀਆਂ ਨੂੰ ਅਗਰਵਾਲ ਸਮਾਜ ਵਿਚੋਂ ਦੂਰ ਕਰਨ ਲਈ ਰੂਪਰੇਖਾ ਤਿਆਰ ਕੀਤੀ ਜਾ ਰਹੀ ਹੈ, ਜਿਸ ਤਹਿਤ ਸ਼ਮਸ਼ਾਨਘਾਟ ਅਤੇ ਮ੍ਰਿਤੂ ਭੋਗ ਵਾਲੀਆਂ ਧਰਮਸ਼ਾਲਾਵਾਂ ਵਿੱਚ ਇਸ ਸਬੰਧੀ ਫਲੈਕਸ ਬੋਰਡ ਲਗਾਉਣ ਅਤੇ ਸੰਬੰਧਤ ਪਰਿਵਾਰ ਨੂੰ ਸਟਾਲਾਂ ਆਦਿ ਨਾ ਲਗਾਏ ਜਾਣ ਸੰਬੰਧੀ ਪ੍ਰੇਰਿਤ ਕੀਤਾ ਜਾਣਾ ਸ਼ਾਮਿਲ ਹਨ। ਮੀਟਿੰਗ ਦੌਰਾਨ ਵੱਡੀ ਗਿਣਤੀ ਵਿਚ ਅਗਰਵਾਲ ਸਮਾਜ ਦੇ ਲੋਕ ਮੌਜੂਦ ਸਨ।


ਫਤਿਹ ਟਾਈਮਜ਼ CHANNEL
ਹੱਕ ਸੱਚ ਦੀ ਆਵਾਜ਼
ਮਿਆਰੀ ਖਬਰਾਂ ਦੇਖਣ ਲਈ fatehtimes channel ਨੂੰ ਜਰੂਰ ਸਬਸਕਰਾਈਬ ਕਰੋ।
ਫਤਿਹ ਟਾਈਮਜ਼ ਚੈਂਨਲ ਤੇ ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ
ਮੋ; 99885-37575

ਦਰਸ਼ਨ ਬੇਕਰੀ
ਮੇਨ ਰੋਡ ਫਤਿਆਬਾਦ, (ਤਰਨ ਤਾਰਨ)
ਇਥੋਂ ਕੇਕ,ਪੇਸਟੀਆਂ,ਹਰ ਤਰਾਂ ਦੇ ਬਿਸਕੁੱਟ,ਸੂਜੀ ਰਸ ,ਪੈਟੀਆਂ,ਕਰੀਮ ਰੋਲ ਹਰ ਸਮੇਂ ਤਿਆਰ ਲਵੋ ।

ਕੁਲਜੀਤ ਸਿੰਘ ਲਾਡੀ
ਸੰਪਰਕ : 98721-51544, 98559-21544


# ਫਰੀ ਲੀਗਲ ਏਡ, ਮੀਡੀਏਸ਼ਨ ਸੈਂਟਰ, ਵਿਕਟਮ ਕੰਮਪਨਸੇਸ਼ਨ,ਪਰਮਾਨੈਂਟ ਲੋਕ ਅਦਾਲਤ, ਨਾਲਸਾ ਦੀਆਂ ਸਕੀਮਾਂ ਸਬੰਧੀ ਸੈਮੀਨਰ ਲਗਾਇਆ

ਫਤਿਹ ਟਾਈਮਜ਼




ਚੋਹਲਾ ਸਾਹਿਬ, 17 ਅਪ੍ਰੈਲ (ਸਨਦੀਪ ਸਿੱਧੂ,ਪਰਮਿੰਦਰ ਚੋਹਲਾ) ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਸ਼੍ਰੀ ਕੰਵਲਜੀਤ ਸਿੰਘ ਬਾਜਵਾ ਅਤੇ ਸ਼੍ਰੀਮਤੀ ਸ਼ਿਲਪਾ ਚੀਫ ਜੁਡੀਸ਼ੀਅਲ ਮਜਿਸਟਰੇਟ ਕੰਮ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ ਨਿਰਦੇਸ਼ਾਂ ਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਐਡਵੋਕੇਟ ਸ਼ਰਨਪਾਲ ਸਿੰਘ ਚੌਹਾਨ ਅਤੇ ਪੀਐਲਵੀ ਅਸ਼ੋਕ ਕੁਮਾਰ ਵੱਲੋਂ ਫਰੀ ਲੀਗਲ ਏਡ, ਮੀਡੀਏਸ਼ਨ ਸੈਂਟਰ, ਵਿਕਟਮ ਕੰਮਪਨਸੇਸ਼ਨ, ਪਰਮਾਨੈਂਟ ਲੋਕ ਅਦਾਲਤ, ਨਾਲਸਾ ਦੀਆਂ ਸਕੀਮਾਂ ਅਤੇ ਨੈਸ਼ਨਲ ਲੋਕ ਅਦਾਲਤ ਸੰਬੰਧੀ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਮੱਲਾ ਅਤੇ ਪਿੰਡ ਪਿੰਡੀਆਂ ਵਿਖੇ ਸੈਮੀਨਾਰ ਲਗਾਇਆ ਗਿਆ।ਇਸ ਸੈਮੀਨਾਰ ਵਿੱਚ ਐਡਵੋਕੇਟ ਸ਼ਰਨਪਾਲ ਸਿੰਘ ਚੌਹਾਨ ਨੇ ਦੱਸਿਆ ਕਿ ਪੰਜਾਬ ਦੇ ਅਪਰਾਧ ਪੀੜਤਾਂ ਅਤੇ ਉਹਨਾਂ ਤੇ ਨਿਰਭਰਾਂ ਲਈ ਮੁਆਵਜ਼ਾ ਸਕੀਮ, 2011 ਇਸ ਸਕੀਮ ਦੇ ਤਹਿਤ ਅਪਰਾਧ ਪੀੜਤ ਮੁਆਵਜ਼ਾ ਕਮੇਟੀ ਦਾ ਜਿਲ੍ਹਾ ਅਤੇ ਰਾਜ ਪੱਧਰ ਤੇ ਗਠਨ ਕੀਤਾ ਗਿਆ ਹੈ। ਐਡਵੋਕੇਟ ਸ਼ਰਨਪਾਲ ਸਿੰਘ ਚੌਹਾਨ ਨੇ ਦੱਸਿਆ ਕਿ ਮੁਆਵਜ਼ੇ ਦੇ ਹੱਕਦਾਰ ਕੌਣ ਹੁੰਦੇ ਹਨ ਜਿਵੇਂ ਕਿ ਜੇਕਰ ਅਪਰਾਧ ਪੀੜਤ ਜਾਂ ਉਸ ਤੇ ਨਿਰਭਰ ਵਿਅਕਤੀ ਹੇਠ ਮਾਪਦੰਡ ਪੂਰੇ ਕਰਦੇ ਹਨ, ਉਹ ਮੁਆਵਜ਼ੇ ਦੇ ਹੱਕਦਾਰ ਹਨ। ਵਕੀਲ ਸਾਹਿਬ ਜੀ ਨੇ ਦੱਸਿਆ ਕਿ ਕਿਹੜੇ ਕਿਹੜੇ ਅਪਰਾਧਾਂ ਵਿੱਚ ਮੁਆਵਜ਼ਾ ਮਿਲ ਸਕਦਾ ਹੈ ਜਿਵੇ ਕਿ ਮੌਤ, ਬਲਾਤਕਾਰ, ਬਲਾਤਕਾਰ ਦੇ ਨਾਲ ਕਤਲ, ਮਨੁੱਖੀ ਤਸਕਰੀ ਦੇ ਪੀੜਤ, ਬੱਚਿਆਂ ਦੇ ਸ਼ੋਸ਼ਣ ਅਤੇ ਅਗਵਾ, ਬੱਚੇ ਨੂੰ ਸਧਾਰਨ ਨੁਕਸਾਨ ਜਾਂ ਚੋਟ, ਔਰਤਾਂ ਅਤੇ ਬੱਚਿਆਂ ਦੇ ਮੁੜ ਵਸੇਬੇ ਲਈ, ਤੇਜਾਬ ਹਮਲੇ ਦੀ ਪੀੜਤ (1। ਚਿਹਰੇ ਦਾ ਰੂਪ ਵਿਗੜਨ 2। ਚੋਟ ਦੇ ਹੋਰ ਮਾਮਲੇ), ਸਰੀਰ ਦੇ ਕਿਸੇ ਹਿੱਸੇਲਿੰਗ ਦੇ ਨੁਕਸਾਨ ਵਜੇ 40× ਜਾਂ ਉਸ ਤੋਂ ਉੱਪਰ ਦੀ ਅਪੰਗਤਾ ਆਦਿ। ਐਡਵੋਕੇਟ ਸ਼ਰਨਪਾਲ ਸਿੰਘ ਚੌਹਾਨ ਨੇ ਦੱਸਿਆ ਕਿ ਨੈਸ਼ਨਲ ਲੋਕ ਅਦਾਲਤ ਦੇ ਬਹੁਤ ਸਾਰੇ ਲਾਭ ਹਨ ਜਿਵੇਂ ਕਿ ਇਸਦੇ ਫ਼ੈਸਲੇ ਨਾਲ ਧੰਨ ਅਤੇ ਸਮੇਂ ਦੀ ਬੱਚਤ ਹੁੰਦੀ ਹੈ, ਇਸਦੇ ਫ਼ੈਸਲੇ ਦੇ ਖਿਲਾਫ ਕੋਈ ਅਪੀਲ ਨਹੀਂ ਹੁੰਦੀ, ਇਸਦੇ ਫ਼ੈਸਲੇ ਨੂੰ ਦੀਵਾਨੀ ਅਦਾਲਤ ਦੀ ਡਿਗਰੀ ਦੀ ਮਾਨਤਾ ਪ੍ਰਾਪਤ ਹੈ, ਲੋਕ ਅਦਾਲਤ ਵਿੱਚ ਫ਼ੈਸਲਾ ਹੋਣ ਨਾਲ ਧਿਰਾਂ ਵਿੱਚ ਦੁਸ਼ਮਣੀ ਘਟਦੀ ਹੈ ਅਤੇ ਧਿਰਾਂ ਵਿੱਚ ਭਾਈਚਾਰਾ ਵੱਧਦਾ ਹੈ, ਲੋਕ ਅਦਾਲਤ ਵਿੱਚ ਫ਼ੈਸਲੇ ਹੋਣ ਉਪਰੰਤ ਕੇਸ ਵਿੱਚ ਲੱਗੀ ਸਾਰੀ ਕੋਰਟ ਫੀਸ ਵਾਪਿਸ ਮਿਲ ਜਾਂਦੀ ਹੈ। ਇਸ ਤੋਂ ਇਲਾਵਾਂ ਕੋਰਟ ਕੰਮਪਲੈਕਸ ਤਰਨ ਤਾਰਨ, ਸਬ ਡੀਵੀਜ਼ਨ ਪੱਟੀ ਅਤੇ ਸਬ ਡੀਵੀਜ਼ਨ ਖਡੂਰ ਸਾਹਿਬ ਵਿਖੇ ਮੀਡੀਏਸ਼ਨ ਸੈਂਟਰ ਬਣਾਏ ਗਏ ਹਨ ਜਿਸ ਵਿੱਚ ਧਿਰਾਂ ਝਗੜੇ ਦਾ ਸਮਝੌਤਾ ਆਪਸੀ ਰਜ਼ਾਮੰਦੀ ਨਾਲ ਕਰਵਾਇਆ ਜਾਂਦਾ ਹੈ ਇਸ ਤੋਂ ਇਲਾਵਾਂ ਜ਼ਿਲ੍ਹਾ ਕਚਹਿਰੀਆਂ ਤਰਨ ਤਾਰਨ ਵਿਖੇ ਪਰਮਾਨੈਂਟ ਲੋਕ ਅਦਾਲਤ ਸਥਾਪਿਤ ਕੀਤੀ ਗਈ ਜਿਸ ਵਿੱਚ ਧਿਰਾ ਦਾ ਆਪਸੀ ਰਜ਼ਾਮੰਦੀ ਨਾਲ ਫੈਸਲਾ ਕਰਵਾਇਆ ਜਾਂਦਾ ਹੈ ਅਤੇ ਸਮੇ ਦੀ ਬਹੁਤ ਬਚਤ ਹੁੰਦੀ ਹੈ।ਜਿਆਦਾ ਜਾਣਕਾਰੀ ਲਈ ਟੋਲ ਫ੍ਰੀ ਨੰਬਰ 1968 ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਤਰਨ ਤਾਰਨ ਦੇ ਨੰਬਰ 01852-223291 ਤੋਂ ਜਾਣਕਾਰੀ ਲਈ ਜਾ ਸਕਦੀ ਹੈ।

# ਓਟ ਸੈਂਟਰਾਂ ਦੀ ਓਟ 'ਚ ਪੰਜਾਬੀ: ਮੁਫ਼ਤ ਗੋਲੀਆਂ ਦਾ ਲਾਲਚ ਜਾਂ ਸਹੀ ਇਲਾਜ ਦੀ ਤਲਾਸ਼?

**ਜੇਕਰ ਓਟ ਸੈਂਟਰ ਸਿਰਫ਼ ਮੁਫ਼ਤ ਗੋਲੀਆਂ ਵੰਡਣ ਤੱਕ ਹੀ ਸੀਮਤ ਰਹਿ ਜਾਣਗੇ ਤਾਂ ਨਸ਼ੇ ਦੇ ਆਦੀ ਲੋਕਾਂ ਦਾ ਪੂਰੀ ਤਰ੍ਹਾਂ ਠੀਕ ਹੋਣਾ ਅਤੇ ਸਮਾਜ ਦੀ ਮੁੱਖ ਧਾਰਾ ਵਿੱਚ ਵਾਪਸ ਆਉਣਾ ਬਹੁਤ ਮੁਸ਼ਕਲ ਹੋ ਜਾਵੇਗਾ**

ਫਤਿਹ ਟਾਈਮਜ਼




ਪੰਜਾਬ, ਜੋ ਕਦੇ ਆਪਣੀ ਖੁਸ਼ਹਾਲੀ ਅਤੇ ਜਵਾਨੀ ਦੇ ਜੋਸ਼ ਲਈ ਜਾਣਿਆ ਜਾਂਦਾ ਸੀ, ਅੱਜਕੱਲ੍ਹ ਨਸ਼ਿਆਂ ਦੀ ਇੱਕ ਗੰਭੀਰ ਸਮੱਸਿਆ ਨਾਲ ਸੰਘਰਸ਼ ਕਰ ਰਿਹਾ ਹੈ। ਇਸ ਮਾਰੂ ਬਿਮਾਰੀ ਨੇ ਅਣਗਿਣਤ ਘਰਾਂ ਨੂੰ ਉਜਾੜ ਦਿੱਤਾ ਹੈ ਅਤੇ ਨੌਜਵਾਨ ਪੀੜ੍ਹੀ ਨੂੰ ਹਨੇਰੇ ਭਵਿੱਖ ਵੱਲ ਧੱਕ ਦਿੱਤਾ ਹੈ। ਇਸ ਸੰਕਟ ਦੀ ਗੰਭੀਰਤਾ ਨੂੰ ਸਮਝਦੇ ਹੋਏ, ਪੰਜਾਬ ਸਰਕਾਰ ਨੇ ਓਟ ਸੈਂਟਰਾਂ (ਨਸ਼ਾ ਛੁਡਾਊ ਕੇਂਦਰ) ਦੀ ਸਥਾਪਨਾ ਕੀਤੀ ਹੋਈ ਹੈ, ਜੋ ਨਸ਼ੇ ਦੇ ਆਦੀ ਲੋਕਾਂ ਨੂੰ ਮੁਫ਼ਤ ਇਲਾਜ ਅਤੇ ਸਹਾਇਤਾ ਪ੍ਰਦਾਨ ਕਰਦੇ ਹਨ। ਇਹ ਕੇਂਦਰ ਬਹੁਤ ਸਾਰੇ ਲੋਕਾਂ ਲਈ ਉਮੀਦ ਦੀ ਇੱਕ ਕਿਰਨ ਸਾਬਿਤ ਹੋਏ ਹਨ, ਜਿਨ੍ਹਾਂ ਨੂੰ ਨਸ਼ੇ ਦੀ ਭਿਆਨਕ ਲਤ ਨੇ ਆਪਣੀ ਜਕੜ ਵਿੱਚ ਲੈ ਲਿਆ ਸੀ। ਇਨ੍ਹਾਂ ਕੇਂਦਰਾਂ ਵਿੱਚ ਮੁਫ਼ਤ ਦਵਾਈਆਂ, ਡਾਕਟਰੀ ਜਾਂਚ ਅਤੇ ਸਲਾਹ ਪ੍ਰਦਾਨ ਕੀਤੀ ਜਾਂਦੀ ਹੈ, ਜਿਸ ਕਾਰਨ ਨਸ਼ਾ ਛੱਡਣ ਦੇ ਚਾਹਵਾਨ ਲੋਕ ਵੱਡੀ ਗਿਣਤੀ ਵਿੱਚ ਇੱਥੇ ਪਹੁੰਚ ਰਹੇ ਹਨ।


ਇਹ ਇੱਕ ਸਕਾਰਾਤਮਕ ਸੰਕੇਤ ਹੈ ਕਿ ਲੋਕ ਹੁਣ ਨਸ਼ੇ ਦੀ ਇਸ ਬੁਰਾਈ ਤੋਂ ਛੁਟਕਾਰਾ ਪਾਉਣ ਲਈ ਅੱਗੇ ਆ ਰਹੇ ਹਨ ਅਤੇ ਸਰਕਾਰੀ ਸਹਾਇਤਾ ਲੈ ਰਹੇ ਹਨ। ਓਟ ਸੈਂਟਰਾਂ ਨੇ ਉਨ੍ਹਾਂ ਗਰੀਬ ਅਤੇ ਲੋੜਵੰਦ ਲੋਕਾਂ ਲਈ ਇਲਾਜ ਦੇ ਦਰਵਾਜ਼ੇ ਖੋਲ੍ਹ ਦਿੱਤੇ ਹਨ ਜੋ ਮਹਿੰਗੇ ਪ੍ਰਾਈਵੇਟ ਨਸ਼ਾ ਛੁਡਾਊ ਕੇਂਦਰਾਂ ਦਾ ਖਰਚਾ ਨਹੀਂ ਚੁੱਕ ਸਕਦੇ ਸਨ। ਇਸ ਕਾਰਨ ਇਨ੍ਹਾਂ ਕੇਂਦਰਾਂ ਵਿੱਚ ਮਰੀਜ਼ਾਂ ਦੀ ਸੰਖਿਆ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਹੈ। ਬਹੁਤ ਸਾਰੇ ਲੋਕ ਇਨ੍ਹਾਂ ਕੇਂਦਰਾਂ ਵਿੱਚ ਮੁਫ਼ਤ ਦਵਾਈਆਂ ਅਤੇ ਸਹੀ ਮਾਰਗਦਰਸ਼ਨ ਪ੍ਰਾਪਤ ਕਰਕੇ ਨਸ਼ਾ ਛੱਡਣ ਲਈ ਆ ਰਹੇ ਹਨ ਤਾਂ ਕਿ ਉਹ ਇੱਕ ਸਨਮਾਨਜਨਕ ਅਤੇ ਸਿਹਤਮੰਦ ਜੀਵਨ ਵੀ ਜਿਉਣਾ ਸ਼ੁਰੂ ਕਰ ਸਕਣ। ਇਸ ਨਾਲ ਉਨ੍ਹਾਂ ਪਰਿਵਾਰਾਂ ਨੂੰ ਵੀ ਇੱਕ ਵੱਡੀ ਰਾਹਤ ਮਿਲ ਸਕਦੀ ਹੈ ਜਿਨ੍ਹਾਂ ਦੇ ਮੈਂਬਰ ਨਸ਼ੇ ਦੀ ਲਤ ਤੋਂ ਪੀੜਤ ਹਨ।

ਪਰ ਇਸ ਸਫਲਤਾ ਦੇ ਨਾਲ-ਨਾਲ ਕੁਝ ਚਿੰਤਾਵਾਂ ਵੀ ਜੁੜੀਆਂ ਹੋਈਆਂ ਹਨ। ਕਈ ਮਾਹਿਰਾਂ ਅਤੇ ਸਥਾਨਕ ਲੋਕਾਂ ਦਾ ਮੰਨਣਾ ਹੈ ਕਿ ਓਟ ਸੈਂਟਰਾਂ ਵਿੱਚ ਮੁਫ਼ਤ ਗੋਲੀਆਂ ਦੀ ਉਪਲਬਧਤਾ ਵੀ ਲੋਕਾਂ ਨੂੰ ਵੱਡੀ ਗਿਣਤੀ ਵਿੱਚ ਆਕਰਸ਼ਿਤ ਕਰ ਰਹੀ ਹੈ। ਇਸ ਵਿੱਚ ਕੁਝ ਅਜਿਹੇ ਵਿਅਕਤੀ ਵੀ ਸ਼ਾਮਲ ਹੋ ਸਕਦੇ ਹਨ ਜਿਨ੍ਹਾਂ ਨੂੰ ਅਜੇ ਨਸ਼ੇ ਦੀ ਗੰਭੀਰ ਲਤ ਨਹੀਂ ਲੱਗੀ ਹੈ, ਪਰ ਉਹ ਸਿਰਫ਼ ਮੁਫ਼ਤ ਦਵਾਈਆਂ ਪ੍ਰਾਪਤ ਕਰਨ ਦੇ ਇਰਾਦੇ ਨਾਲ ਇਨ੍ਹਾਂ ਕੇਂਦਰਾਂ ਦਾ ਰੁਖ਼ ਕਰ ਰਹੇ ਹਨ। ਇਸ ਨਾਲ ਅਸਲ ਲੋੜਵੰਦ ਮਰੀਜ਼ਾਂ ਲਈ ਮੁਸ਼ਕਲਾਂ ਪੈਦਾ ਹੋ ਸਕਦੀਆਂ ਹਨ ਅਤੇ ਦਵਾਈਆਂ ਦੇ ਗਲਤ ਇਸਤੇਮਾਲ ਦਾ ਖ਼ਤਰਾ ਵੀ ਵੱਧ ਜਾਂਦਾ ਹੈ। ਇਹ ਵੀ ਸੰਭਵ ਹੈ ਕਿ ਕੁਝ ਲੋਕ ਇਨ੍ਹਾਂ ਮੁਫ਼ਤ ਦਵਾਈਆਂ ਨੂੰ ਪ੍ਰਾਪਤ ਕਰਕੇ ਬਾਜ਼ਾਰ ਵਿੱਚ ਵੇਚਣ ਦੀ ਕੋਸ਼ਿਸ਼ ਕਰਨ, ਜਿਸ ਨਾਲ ਨਸ਼ਿਆਂ ਦੀ ਸਮੱਸਿਆ ਹੋਰ ਵੀ ਗੰਭੀਰ ਹੋ ਸਕਦੀ ਹੈ।

ਇਸ ਤੋਂ ਇਲਾਵਾ, ਇਹ ਸਮਝਣਾ ਬਹੁਤ ਜ਼ਰੂਰੀ ਹੈ ਕਿ ਸਿਰਫ਼ ਦਵਾਈਆਂ ਦੇ ਆਸਰੇ ਰਹਿਣਾ ਨਸ਼ੇ ਦੀ ਸਮੱਸਿਆ ਦਾ ਇੱਕ ਅਧੂਰਾ ਹੱਲ ਹੈ। ਨਸ਼ੇ ਦੀ ਲਤ ਇੱਕ ਗੁੰਝਲਦਾਰ ਮਾਨਸਿਕ, ਸਰੀਰਕ ਅਤੇ ਸਮਾਜਿਕ ਬਿਮਾਰੀ ਹੈ। ਮਰੀਜ਼ਾਂ ਨੂੰ ਦਵਾਈਆਂ ਦੇ ਨਾਲ-ਨਾਲ ਮਨੋਵਿਗਿਆਨਕ ਸਲਾਹ, ਪਰਿਵਾਰਕ ਸਹਾਇਤਾ, ਕਿੱਤਾਮੁਖੀ ਸਿਖਲਾਈ ਅਤੇ ਸਮਾਜਿਕ ਮੁੜ-ਸਥਾਪਨਾ ਦੀ ਵੀ ਸਖ਼ਤ ਲੋੜ ਹੁੰਦੀ ਹੈ। ਜੇਕਰ ਓਟ ਸੈਂਟਰ ਸਿਰਫ਼ ਮੁਫ਼ਤ ਗੋਲੀਆਂ ਵੰਡਣ ਤੱਕ ਹੀ ਸੀਮਤ ਰਹਿ ਜਾਣਗੇ ਤਾਂ ਨਸ਼ੇ ਦੇ ਆਦੀ ਲੋਕਾਂ ਦਾ ਪੂਰੀ ਤਰ੍ਹਾਂ ਠੀਕ ਹੋਣਾ ਅਤੇ ਸਮਾਜ ਦੀ ਮੁੱਖ ਧਾਰਾ ਵਿੱਚ ਵਾਪਸ ਆਉਣਾ ਬਹੁਤ ਮੁਸ਼ਕਲ ਹੋ ਜਾਵੇਗਾ। ਉਨ੍ਹਾਂ ਨੂੰ ਇੱਕ ਅਜਿਹੇ ਸਹਾਇਕ ਵਾਤਾਵਰਨ ਦੀ ਲੋੜ ਹੈ ਜਿੱਥੇ ਉਹ ਆਪਣੇ ਅੰਦਰ ਵਿਸ਼ਵਾਸ ਪੈਦਾ ਕਰ ਸਕਣ ਅਤੇ ਇੱਕ ਨਵਾਂ ਸਿਹਤਮੰਦ ਜੀਵਨ ਸ਼ੁਰੂ ਕਰ ਸਕਣ।

ਸਰਕਾਰ ਅਤੇ ਸਿਹਤ ਵਿਭਾਗ ਨੂੰ ਇਸ ਮਾਮਲੇ ਵਿੱਚ ਇੱਕ ਸੰਤੁਲਿਤ ਪਹੁੰਚ ਅਪਣਾਉਣ ਦੀ ਲੋੜ ਹੈ। ਓਟ ਸੈਂਟਰਾਂ ਵਿੱਚ ਆਉਣ ਵਾਲੇ ਹਰ ਮਰੀਜ਼ ਦੀ ਸਹੀ ਢੰਗ ਨਾਲ ਜਾਂਚ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਉਨ੍ਹਾਂ ਨੂੰ ਅਸਲ ਵਿੱਚ ਇਲਾਜ ਦੀ ਲੋੜ ਹੈ ਜਾਂ ਨਹੀਂ। ਇਸ ਦੇ ਨਾਲ ਹੀ ਇਨ੍ਹਾਂ ਕੇਂਦਰਾਂ ਵਿੱਚ ਸਿਰਫ਼ ਦਵਾਈਆਂ ਹੀ ਨਹੀਂ ਸਗੋਂ ਮਨੋਵਿਗਿਆਨਕ ਸਲਾਹ, ਸਮੂਹ ਥੈਰੇਪੀ ਅਤੇ ਮੁੜ-ਵਸੇਬੇ ਦੀਆਂ ਸਹੂਲਤਾਂ ਵੀ ਪ੍ਰਦਾਨ ਕੀਤੀਆਂ ਜਾਣੀਆਂ ਚਾਹੀਦੀਆਂ ਹਨ। ਸਟਾਫ਼ ਦੀ ਗਿਣਤੀ ਵਧਾਉਣ ਅਤੇ ਉਨ੍ਹਾਂ ਨੂੰ ਸਹੀ ਸਿਖਲਾਈ ਦੇਣ ਦੀ ਵੀ ਜ਼ਰੂਰਤ ਹੈ ਤਾਂ ਜੋ ਉਹ ਮਰੀਜ਼ਾਂ ਨੂੰ ਬਿਹਤਰ ਢੰਗ ਨਾਲ ਸੇਵਾਵਾਂ ਪ੍ਰਦਾਨ ਕਰ ਸਕਣ।

ਅੰਤ ਵਿੱਚ, ਇਹ ਕਿਹਾ ਜਾ ਸਕਦਾ ਹੈ ਕਿ ਓਟ ਸੈਂਟਰ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਨਾਲ ਲੜਨ ਲਈ ਇੱਕ ਮਹੱਤਵਪੂਰਨ ਕਦਮ ਹਨ ਅਤੇ ਮੁਫ਼ਤ ਦਵਾਈਆਂ ਮਿਲਣ ਕਾਰਨ ਲੋੜਵੰਦ ਲੋਕਾਂ ਤੱਕ ਇਨ੍ਹਾਂ ਦੀ ਪਹੁੰਚ ਵਧੀ ਹੈ। ਪਰ ਇਸ ਸਮੱਸਿਆ ਦਾ ਪੱਕਾ ਹੱਲ ਸਿਰਫ਼ ਉਦੋਂ ਹੀ ਸੰਭਵ ਹੋਵੇਗਾ ਜਦੋਂ ਅਸੀਂ ਸਿਰਫ਼ ਦਵਾਈਆਂ 'ਤੇ ਹੀ ਧਿਆਨ ਕੇਂਦਰਿਤ ਨਾ ਕਰੀਏ, ਸਗੋਂ ਨਸ਼ੇ ਦੇ ਆਦੀ ਲੋਕਾਂ ਨੂੰ ਇੱਕ ਸੰਪੂਰਨ ਇਲਾਜ ਅਤੇ ਸਹਾਰਾ ਪ੍ਰਦਾਨ ਕਰੀਏ। ਸਾਨੂੰ ਇਹ ਯਕੀਨੀ ਬਣਾਉਣਾ ਹੋਵੇਗਾ ਕਿ ਕੋਈ ਵੀ ਵਿਅਕਤੀ ਸਿਰਫ਼ ਮੁਫ਼ਤ ਦਵਾਈਆਂ ਦੇ ਲਾਲਚ ਵਿੱਚ ਇਨ੍ਹਾਂ ਕੇਂਦਰਾਂ ਦਾ ਗਲਤ ਇਸਤੇਮਾਲ ਨਾ ਕਰੇ ਅਤੇ ਅਸਲ ਲੋੜਵੰਦ ਮਰੀਜ਼ਾਂ ਨੂੰ ਸਹੀ ਢੰਗ ਨਾਲ ਇਲਾਜ ਮਿਲ ਸਕੇ। ਇਸ ਦੇ ਨਾਲ ਹੀ ਨਸ਼ਿਆਂ ਦੀ ਸਪਲਾਈ ਨੂੰ ਰੋਕਣ ਅਤੇ ਨੌਜਵਾਨਾਂ ਨੂੰ ਇਸ ਬੁਰਾਈ ਤੋਂ ਬਚਾਉਣ ਲਈ ਹੋਰ ਸਖ਼ਤ ਕਦਮ ਚੁੱਕਣ ਦੀ ਲੋੜ ਹੈ ਤਾਂ ਜੋ ਪੰਜਾਬ ਇੱਕ ਵਾਰ ਫਿਰ ਤੋਂ ਖੁਸ਼ਹਾਲ ਅਤੇ ਨਸ਼ਾ-ਮੁਕਤ ਸੂਬਾ ਬਣ ਸਕੇ।




ਲੇਖਕ
ਚਾਨਣਦੀਪ ਸਿੰਘ ਔਲਖ,
ਸੰਪਰਕ 9876888177